ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ



# ਸੇਵਾ ਸਰਗਰਮੀਆਂ

ਲੜੀ ਨੰਬਰ 11, ਜਨਵਰੀ 2019 (ਮਾਘ ਸੰਮਤ ਨਾਨਕਸ਼ਾਹੀ 550) । ਮੁੱਖ ਸੰਪਾਦਕ : ਬਲਵਿੰਦਰ ਸਿੰਘ ਜੌੜਾਸਿੰਘਾ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ : 01832553956-60 । ਈਮੇਲ : sgpcsargarmiya@gmail.com

## ਫਾਜ਼ਿਲਕਾ ਦੇ ਪਿੰਡ ਫਤਹਿਗੜ੍ਹ ਵਾਸੀਆਂ ਨੇ ਕੀਤਾ ਦੋ ਤੋਂ ਇੱਕ ਗੁਰਦੁਆਰਾ ਸਾਹਿਬ

### ਪਿੰਡ ਵਾਸੀਆਂ ਦਾ ਇਹ ਫੈਸਲਾ ਇਤਿਹਾਸਕ ਕਦਮ -ਭਾਈ ਲੌਂਗੋਵਾਲ



ਅੰਮ੍ਰਿਤਸਰ, 15 ਦਸੰਬਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ 'ਇਕ ਪਿੰਡ ਇਕ ਗੁਰਦੁਆਰਾ ਸਾਹਿਬ' ਮੁਹਿੰਮ ਦਾ ਹਿੱਸਾ ਬਣਦਿਆਂ ਸਰਹੱਦੀ ਜ਼ਿਲ੍ਹਾ ਫਾਜ਼ਿਲਕਾ 'ਚ ਪੈਂਦੇ ਪਿੰਡ ਫਤਹਿਗੜ੍ਹ ਦੇ ਵਾਸੀਆਂ ਵੱਲੋਂ ਦੋ ਗੁਰਦੁਆਰਿਆਂ ਤੋਂ ਇਕ ਗੁਰਦੁਆਰਾ ਸਾਹਿਬ ਕੀਤਾ ਗਿਆ। ਇਸ ਦੌਰਾਨ ਇੱਕ ਗੁਰਦੁਆਰਾ ਸਾਹਿਬ ਤੋਂ ਦੂਸਰੇ ਗੁਰੂ ਘਰ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਲਿਜਾਣ ਦੀ ਸੇਵਾ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਖੁਦ ਕੀਤੀ। ਇਹ ਦ੍ਰਿਸ਼ ਬੇਹੱਦ ਅਲੌਕਿਕ ਸੀ ਕਿਉਂਕਿ ਗਤਕਾ ਪਾਰਟੀਆਂ, ਬੈਂਡ ਪਾਰਟੀਆਂ, ਸਕੂਲੀ ਬੱਚਿਆਂ ਤੇ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਸਭ ਦਾ ਮਨ ਮੋਹ ਰਹੀ ਸੀ। ਜੈਕਾਰਿਆਂ ਦੀ ਗੂੰਜ ਤੇ ਸਤਿਨਾਮ ਵਾਹਿਗੁਰੂ ਦੇ ਜਾਪ ਨਾਲ ਸੰਗਤਾਂ ਦਾ ਵੱਡਾ ਇਕੱਠ ਦੂਸਰੇ ਗੁਰਦੁਆਰਾ ਸਾਹਿਬ ਪਹੁੰਚਿਆ। ਦੱਸਣਯੋਗ ਹੈ ਕਿ ਪਿੰਡ ਵਿਚ ਇਕ ਗੁਰਦੁਆਰਾ ਸਾਹਿਬ ਕਰਨ ਲਈ ਪਿੰਡ ਵਾਸੀਆਂ ਨੂੰ ਪ੍ਰੇਰਣਾ ਕਰਨ ਵਿਚ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਵਿਸ਼ੇਸ਼ ਭੂਮਿਕਾ ਨਿਭਾਈ ਹੈ।

ਇਸ ਸਬੰਧ ਵਿਚ ਪਿੰਡ ਦੀਆਂ ਸੰਗਤਾਂ ਵੱਲੋਂ ਸਾਂਝੇ ਤੌਰ 'ਤੇ ਇਕ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪਿੰਡ ਵਾਸੀਆਂ ਦੇ ਫੈਸਲੇ ਦੀ ਭਰਵੀਂ ਸ਼ਲਾਘਾ ਕੀਤੀ। ਉਨ੍ਹਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰਦੁਆਰਾ ਸਾਹਿਬ ਸਿੱਖੀ ਪ੍ਰਚਾਰ ਦੇ ਕੇਂਦਰ ਹਨ, ਪਰੰਤੂ ਇਕ ਪਿੰਡ ਵਿਚ ਕਈ-ਕਈ ਗੁਰਦੁਆਰਾ ਸਾਹਿਬਾਨ ਬਣ ਜਾਣ ਕਾਰਨ ਜਿਥੇ ਬੇਹਤਰ ਸੇਵਾ ਸੰਭਾਲ ਵਿਚ ਕਮੀ ਆਈ ਹੈ, ਉਥੇ ਆਪਸੀ ਭਾਈਚਾਰਕ ਪਾੜਾ ਵੀ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਬਹੁਤੇ ਗੁਰਦੁਆਰਾ ਸਾਹਿਬ ਬਣਨ ਦਾ ਕਾਰਨ ਜਿਥੇ ਆਪਸੀ ਧੜ੍ਹੇਬੰਦੀ ਹੈ ਉਥੇ ਹੀ ਜਾਤ-ਪਾਤ ਨੂੰ ਆਧਾਰ ਬਣਾ ਕੇ ਪੈਦਾ ਕੀਤੀਆਂ ਜਾ ਰਹੀਆਂ ਸਮਾਜਿਕ ਵੰਡੀਆਂ ਵੀ ਹਨ। ਉਨ੍ਹਾਂ ਸੰਗਤਾਂ ਨੂੰ ਪ੍ਰੇਰਣਾ ਕਰਦਿਆਂ ਆਖਿਆ ਕਿ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਸਮਾਜਿਕ ਏਕਤਾ ਅਤੇ ਭਾਈਚਾਰਕ ਸਾਂਝ ਦਾ ਰਾਹ ਦਿਖਾਉਂਦੀ ਹੈ ਅਤੇ ਇਸੇ ਨੂੰ ਮੁੱਖ ਰੱਖ ਕੇ ਸ਼੍ਰੋਮਣੀ ਕਮੇਟੀ ਵੱਲੋਂ ਇਕ ਪਿੰਡ ਵਿਚ ਕੇਵਲ ਇਕ ਗੁਰਦੁਆਰਾ ਸਾਹਿਬ ਰੱਖਣ ਦੀ ਪ੍ਰੇਰਣਾ ਲਈ ਮੁਹਿੰਮ ਆਰੰਭੀ ਗਈ ਹੈ। ਭਾਈ ਲੌਂਗੋਵਾਲ ਨੇ ਸਿੱਖ ਜਗਤ ਨੂੰ ਅਪੀਲ ਕੀਤੀ ਕਿ ਉਹ ਇਸ ਲਹਿਰ ਦਾ ਹਿੱਸਾ ਬਣਨ ਅਤੇ ਪੰਥਕ ਏਕਤਾ ਲਈ ਵਿਚਾਰਧਾਰਕ ਵਖਰੇਵਿਆਂ ਨੂੰ ਇਕ ਪਾਸੇ ਰੱਖਣ। ਉਨ੍ਹਾਂ ਪਿੰਡਾਂ ਅੰਦਰ ਇਕ ਗੁਰਦੁਆਰਾ ਸਾਹਿਬ ਕਰਨ ਲਈ ਫੈਡਰੇਸ਼ਨ ਆਗੂ ਭਾਈ ਗੁਰਚਰਨ ਸਿੰਘ ਗਰੇਵਾਲ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਇਸ ਨੂੰ ਕੌਮੀ ਹਿੱਤ ਵਿਚ ਦੱਸਿਆ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪਿੰਡ ਦੇ ਗੁਰਦੁਆਰਾ ਸਾਹਿਬ ਲਈ 50 ਹਜਾਰ ਰੁਪਏ ਦੀ ਮਾਲੀ ਸਹਾਇਤਾ ਅਤੇ 50 ਹਜਾਰ ਰੁਪਏ ਦੀਆਂ ਧਾਰਮਿਕ ਪੁਸਤਕਾਂ ਦੇਣ ਦਾ ਐਲਾਨ ਵੀ ਕੀਤਾ।

ਇਸ ਸਮੇਂ ਵਿਚਾਰ ਸਾਂਝੇ ਕਰਦਿਆਂ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਸਿੱਖਾਂ ਨੇ ਪੰਥਕ ਏਕਤਾ ਦੇ ਬਲ ਨਾਲ ਹੀ ਵੱਡੀਆਂ ਪ੍ਰਾਪਤੀਆਂ ਕੀਤੀਆਂ ਹਨ, ਪਰੰਤੂ ਚਿੰਤਾਜਨਕ ਗੱਲ ਇਹ ਹੈ ਕਿ ਅੱਜ ਅਸੀਂ ਆਪਣੀਆਂ ਰਵਾਇਤਾਂ ਅਤੇ ਗੁਰੂ ਉਪਦੇਸ਼ਾਂ ਨੂੰ ਭੁੱਲਦੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਗੁਰੂ ਘਰ ਵੱਖ ਵੱਖ ਬਣਾਉਣ ਦਾ ਮਤਲਬ ਗੁਰੂ ਸਾਹਿਬ ਦੀ ਵਿਚਾਰਧਾਰਾ ਤੋਂ ਕਿਨਾਰਾ ਕਰਨਾ ਹੈ। ਭਾਈ ਗਰੇਵਾਲ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਵੱਲੋਂ ਪੰਥਕ ਏਕਤਾ ਲਈ ਕੀਤੇ ਜਾ ਰਹੇ

ਬਾਕੀ ਸਫ਼ਾ 2 'ਤੇ

## ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਯਾਦ ਵਿਚ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਸਜਾਇਆ ਵਿਸ਼ਾਲ ਨਗਰ ਕੀਰਤਨ

### ਲੱਖਾਂ ਸੰਗਤਾਂ ਨੇ ਸ਼ਰਧਾ ਨਾਲ ਕੀਤੀ ਸ਼ਮੂਲੀਅਤ, ਹਰ ਥਾਂ ਹੋਇਆ ਭਰਵਾਂ ਸਵਾਗਤ



ਸ੍ਰੀ ਫਤਹਿਗੜ੍ਹ ਸਾਹਿਬ, 28 ਦਸੰਬਰ- ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਦੋ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਜੋੜ-ਮੇਲ ਦੇ ਤੀਸਰੇ ਦਿਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਜਾਏ ਗਏ ਸ਼ਹੀਦੀ ਨਗਰ ਕੀਰਤਨ ਵਿਚ ਦੇਸ਼-ਵਿਦੇਸ਼ ਤੋਂ ਲੱਖਾਂ ਸੰਗਤਾਂ ਸਮੇਤ ਧਾਰਮਿਕ, ਰਾਜਨੀਤਕ ਤੇ ਸਮਾਜਕ ਸ਼ਖਸੀਅਤਾਂ ਦੇ ਨਾਲ ਨਾਲ ਧਾਰਮਿਕ ਸਭਾ-ਸੁਸਾਇਟੀਆਂ, ਨਿਹੰਗ ਸਿੰਘ ਦਲਾਂ, ਗੁਰਮਤਿ ਟਕਸਾਲਾਂ ਦੇ ਨੁਮਾਇੰਦਿਆਂ ਨੇ ਵੱਡੀ ਪੱਧਰ 'ਤੇ ਸ਼ਮੂਲੀਅਤ ਕੀਤੀ। ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਤੀਕ ਸਜਾਇਆ ਗਿਆ, ਅਤੇ ਇਸ ਵਿਚ ਸ਼ਾਮਲ ਸੰਗਤਾਂ ਸਤਿਨਾਮ-ਵਹਿਗੁਰੂ ਦਾ ਜਾਪ ਕਰ ਰਹੀਆਂ ਸਨ। ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਆਸਾ ਦੀ ਵਾਰ ਦੇ ਕੀਰਤਨ ਉਪਰੰਤ ਮੁੱਖ ਗ੍ਰੰਥੀ ਭਾਈ ਹਰਪਾਲ ਸਿੰਘ ਨੇ ਮਾਤਾ ਗੁਜਰੀ ਜੀ ਅਤੇ ਸਾਹਿਬਜ਼ਾਦਿਆਂ ਦੇ ਜੀਵਨ ਇਤਿਹਾਸ 'ਤੇ ਚਾਨਣਾ ਪਾਇਆ। ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਸੰਗਤੀ ਰੂਪ ਵਿਚ ਜਪੁ ਜੀ ਸਾਹਿਬ ਦੇ ਪਾਠ ਮਗਰੋਂ ਅਰਦਾਸ ਕੀਤੀ ਗਈ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸਰਵਣ ਕਰਵਾਇਆ। ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪੰਜ ਪਿਆਰਿਆਂ ਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਭੇਟ ਕੀਤੇ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਜੈਕਾਰਿਆਂ ਦੀ ਗੂੰਝ ਵਿਚ ਸੁਨਹਿਰੀ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ। ਨਗਰ ਕੀਰਤਨ ਵਿਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ, ਗੱਤਕਾ ਅਖਾੜਿਆਂ ਨੇ ਜੰਗਜੂ ਜੌਹਰ ਦਿਖਾਉਂਦਿਆਂ ਸਾਹਿਬਜ਼ਾਦਿਆਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਨਗਰ ਕੀਰਤਨ ਦੇ ਸਾਰੇ ਰਸਤੇ ਸੰਗਤਾਂ ਅਤੇ ਸਭਾ-ਸੁਸਾਇਟੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਲਈ ਰੁਮਾਲੇ ਤੇ ਪੰਜ ਪਿਆਰੇ ਸਾਹਿਬਾਨ ਨੂੰ ਸਿਰੋਪਾਓ ਭੇਟ ਕੀਤੇ ਗਏ। ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਨਗਰ ਕੀਰਤਨ ਦੀ ਸਮਾਪਤੀ ਸਮੇਂ ਸਜਾਏ ਗਏ ਗੁਰਮਤਿ ਸਮਾਗਮ ਵਿਚ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ। ਇਥੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸੋਹਿਲਾ ਸਾਹਿਬ ਦਾ ਪਾਠ ਕੀਤਾ ਅਤੇ ਸਮਾਪਤੀ ਦੀ ਅਰਦਾਸ ਗਿਆਨੀ ਰਘਬੀਰ ਸਿੰਘ ਜਥੇਦਾਰ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੇ ਕੀਤੀ। ਨਗਰ ਕੀਰਤਨ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਇਕਬਾਲ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਸ਼੍ਰੋਮਣੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਦਲ ਬਾਬਾ ਬਿੰਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਸਿੰਘ ਸਾਹਿਬ ਗਿਆਨੀ ਜਸਵਿੰਦਰ ਸਿੰਘ, ਬਾਬਾ ਮਨਮੋਹਨ ਸਿੰਘ ਬਾਰਨ ਵਾਲੇ, ਬਾਬਾ ਜੱਸਾ ਸਿੰਘ, ਅੰਤ੍ਰਿੰਗ ਮੈਂਬਰ ਸ. ਜਰਨੈਲ ਸਿੰਘ ਕਰਤਾਰਪੁਰ, ਜਥੇਦਾਰ ਕਰਨੈਲ ਸਿੰਘ ਪੰਜੋਲੀ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਅਵਤਾਰ ਸਿੰਘ ਰਿਆ, ਸ. ਪਰਮਜੀਤ ਸਿੰਘ ਖ਼ਾਲਸਾ ਬਰਨਾਲਾ, ਸ. ਸਵਿੰਦਰ ਸਿੰਘ ਸਭਰਵਾਲ, ਬੀਬੀ ਹਰਜਿੰਦਰ ਕੌਰ ਚੰਡੀਗੜ੍ਹ, ਜਥੇਦਾਰ ਦੀਦਾਰ ਸਿੰਘ ਭੱਟੀ, ਸ. ਸੁਰਜੀਤ ਸਿੰਘ ਰੱਖੜਾ, ਸ. ਦਰਬਾਰਾ ਸਿੰਘ ਗੁਰੂ, ਸ. ਗੁਰਪ੍ਰੀਤ ਸਿੰਘ ਰਾਜੂ ਖੰਨਾ, ਸ. ਸਵਰਨ ਸਿੰਘ ਚਨਾਰਥਲ, ਸ. ਗੁਰਪ੍ਰੀਤ ਸਿੰਘ ਰੰਧਾਵਾ, ਸ. ਅਮਰਇੰਦਰ ਸਿੰਘ ਲਿਬੜਾ, ਭਾਈ ਸੁਖਜੀਤ ਸਿੰਘ ਘਨੱਈਆ, ਗਿਆਨੀ ਫੂਲਾ ਸਿੰਘ, ਗਿਆਨੀ ਪ੍ਰਣਾਪ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਸਿਮਰਜੀਤ ਸਿੰਘ ਕੰਗ, ਮੈਨੇਜਰ ਸ. ਅਮਰਜੀਤ ਸਿੰਘ, ਸ. ਬਲਵਿੰਦਰ ਸਿੰਘ ਭੰਮਾਰਸੀ, ਸ. ਗੁਰਪ੍ਰੀਤ ਸਿੰਘ ਰੋਡੇ, ਸ. ਪਰਮਦੀਪ ਸਿੰਘ, ਸ. ਕਰਨੈਲ ਸਿੰਘ ਨਾਭਾ ਆਦਿ ਮੌਜੂਦ ਸਨ।

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ ਮੁਸਲਿਮ ਫੈਡਰੇਸ਼ਨ ਆਫ ਅਮਰੀਕਾ ਦੇ ਮੈਂਬਰ



ਅੰਮ੍ਰਿਤਸਰ, 26 ਦਸੰਬਰ- ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੁਸਲਿਮ ਫੈਡਰੇਸ਼ਨ ਆਫ ਅਮਰੀਕਾ ਦੇ ਮੈਂਬਰਾਂ ਦਾ ਵਫਦ ਨਤਮਸਤਕ ਹੋਣ ਲਈ ਪੁੱਜਾ। ਵਫਦ ਵਿਚ ਪ੍ਰਧਾਨ ਡਾ. ਏ.ਐਸ. ਨਕਾਦਾ, ਮੈਂਬਰ ਡਾ. ਅਸਲਮ ਅਬਦੁੱਲਾ, ਡਾ. ਰਜੀਆ, ਸ੍ਰੀ ਸੀਰਜ ਠਾਕੋਰ, ਸ੍ਰੀ ਆਯੂਬ ਖਾਨ, ਸ੍ਰੀ ਖੁਤਬਉਦੀਨ, ਡਾ. ਇਕਬਾਲ ਅਹਿਮਦ ਸ਼ਾਮਲ ਸਨ। ਉਨ੍ਹਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਬਹੁਤ ਹੀ ਸਹਿਜਤਾ ਨਾਲ ਦਰਸ਼ਨ-ਦੀਦਾਰੇ ਕੀਤੇ ਅਤੇ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ। ਵਫਦ ਦੇ ਮੈਂਬਰਾਂ ਨੇ ਸਮੁੱਚੀ ਸਿੱਖ ਕੌਮ ਵੱਲੋਂ ਵਿਸ਼ਵ ਦੇ ਵੱਖ-ਵੱਖ ਦੇਸ਼ਾਂ, ਥਾਵਾਂ ਵਿਖੇ ਕੀਤੇ ਜਾ ਰਹੇ ਮਨੁੱਖਤਾ ਦੀ ਭਲਾਈ ਦੇ ਕਾਰਜਾਂ ਲਈ ਧੰਨਵਾਦ ਕੀਤਾ। ਉਹ ਸਿੱਖਾਂ ਵੱਲੋਂ ਲੋੜਵੰਦਾਂ ਤਕ ਲੰਗਰ ਪਹੁੰਚਾਏ ਜਾਣ ਤੋਂ ਬਹੁਤ ਪ੍ਰਭਾਵਿਤ ਹੋਏ ਅਤੇ ਉਨ੍ਹਾਂ ਸਮੁੱਚੀ ਸਿੱਖ ਕੌਮ ਪ੍ਰਤੀ ਸਤਿਕਾਰ ਪ੍ਰਗਟ ਕੀਤਾ। ਵਫਦ ਦੇ ਮੈਂਬਰਾਂ ਵੱਲੋਂ ਸਿੱਖ ਧਰਮ ਪ੍ਰਤੀ ਡੂੰਘੀ ਦਿਲਚਸਪੀ ਦਿਖਾਉਂਦਿਆਂ ਸਿੱਖੀ ਸਿਧਾਂਤਾਂ ਦੀ ਅਮੀਰੀ ਬਾਰੇ ਕਈ ਗੱਲਾਂ ਪੁੱਛੀਆਂ ਗਈਆਂ ਜਿਨ੍ਹਾਂ ਬਾਰੇ ਡਾ. ਰੂਪ ਸਿੰਘ ਤੇ ਸ. ਦਿਲਜੀਤ ਸਿੰਘ ਬੇਦੀ ਵੱਲੋਂ ਬੜੇ ਹੀ ਸਰਲ ਤੇ ਵਿਸਥਾਰਤ ਢੰਗ ਨਾਲ ਦੱਸਿਆ ਗਿਆ। ਇਸ ਮੌਕੇ ਮੁਸਲਿਮ ਵਫਦ ਦੇ ਮੈਂਬਰਾਂ ਨੇ ਸ਼੍ਰੋਮਣੀ ਕਮੇਟੀ ਅਤੇ ਸਮੂਹ ਸਿੱਖ ਸੰਗਤਾਂ ਵੱਲੋਂ ਵੱਖ-ਵੱਖ ਸਮੇਂ ਆਈਆਂ ਕੁਦਰਤੀ ਆਫਤਾਂ ਦੌਰਾਨ ਮਨੁੱਖਤਾ ਲਈ ਲੰਗਰ, ਦਵਾਈਆਂ ਆਦਿ ਦੇ ਕੀਤੇ ਪ੍ਰਬੰਧਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੂਰੇ ਵਿਸ਼ਵ ਵਿਚ ਸਿੱਖ ਕੌਮ ਲੋੜਵੰਦਾਂ ਦੀ ਮਦਦ ਕਰਨ ਲਈ ਜਾਣੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਜਿਵੇਂ ਸਿੱਖਾਂ ਨੇ ਸੀਰੀਆ ਦੇਸ਼ ਅਤੇ ਰੋਹਿੰਗਿਆਂ ਦੇ ਮੁਸਲਮਾਨ ਲੋਕਾਂ ਦੀ ਮਦਦ ਕੀਤੀ ਉਸ ਲਈ ਵੀ ਮੁਸਲਿਮ ਫੈਡਰੇਸ਼ਨ ਸਮੁੱਚੇ ਮੁਸਲਮਾਨ ਭਾਈਚਾਰੇ ਵੱਲੋਂ ਸਿੱਖਾਂ ਦੀ ਤਹਿ ਦਿਲੋਂ ਧੰਨਵਾਦ ਕਰਦੀ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਦਫਤਰ ਵਿਖੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵਡ, ਮੁੱਖ ਸਕੱਤਰ ਡਾ. ਰੂਪ ਸਿੰਘ ਅਤੇ ਸਕੱਤਰ ਸ. ਦਿਲਜੀਤ ਸਿੰਘ 'ਬੇਦੀ' ਵੱਲੋਂ ਮੁਸਲਿਮ ਵਫਦ ਨੂੰ ਸ੍ਰੀ ਦਰਬਾਰ ਸਾਹਿਬ ਅਤੇ ਸਿੱਖ ਧਰਮ ਨਾਲ ਸਬੰਧਤ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ ਗਿਆ।

## ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਟਿਆਲਾ ਵਿਖੇ ਭਾਈ ਲੌਂਗੋਵਾਲ ਵੱਲੋਂ ਸਿੱਖ ਅਜਾਇਬ ਘਰ ਸੰਗਤ ਅਰਪਣ

ਪਟਿਆਲਾ 3 ਦਸੰਬਰ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਸਿੱਖ ਇਤਿਹਾਸ ਨੂੰ ਦਰਸਾਉਂਦਾ ਸਿੱਖ ਅਜਾਇਬ ਘਰ ਅਤੇ ਸਟੀਲ ਦਾ ਬਣਾਇਆ ਨਵਾਂ ਨਿਸ਼ਾਨ ਸਾਹਿਬ ਸੰਗਤਾਂ ਅਰਪਤ ਕੀਤਾ ਗਿਆ।

ਸਿੱਖ ਅਜਾਇਬ ਘਰ ਦੇ ਉਦਘਾਟਨ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸ਼੍ਰੋਮਣੀ ਕਮੇਟੀ ਦੇ ਐਗਜ਼ੈਕਟਿਵ ਮੈਂਬਰ ਜਥੇਦਾਰ ਜਰਨੈਲ ਸਿੰਘ ਕਰਤਾਰਪੁਰ, ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਸ਼ਵਿੰਦਰ ਸਿੰਘ ਸੱਭਰਵਾਲ, ਸਾਬਕਾ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਕਮਲੇਸ਼ ਕੌਰ ਤੋਂ ਇਲਾਵਾ ਸਿੱਖ ਅਜਾਇਬ ਘਰ ਦੀ ਸੇਵਾ ਕਰਵਾਉਣ ਵਾਲੇ ਸ. ਭਗਵੰਤ ਸਿੰਘ, ਸ. ਅਜੀਤ ਸਿੰਘ ਅਤੇ ਅਜੀਤ ਆਰਟਸ ਵਾਲਿਆਂ ਤੋਂ ਇਲਾਵਾ ਸਟੀਲ ਦੇ ਨਵੇਂ ਨਿਸ਼ਾਨ ਦੀ ਸੇਵਾ 'ਚ ਯੋਗਦਾਨ ਪਾਉਣ ਵਾਲੇ ਬਾਬਾ ਕੁੰਦਨ ਸਿੰਘ ਭਲਾਈ ਟਰੱਸਟ ਦੇ ਮਾਤਾ ਬਿਪਨਪ੍ਰੀਤ ਕੌਰ ਅਤੇ ਕਾਰ ਸੇਵਾ ਵਾਲੇ ਬਾਬਾ ਅਮਰੀਕ ਸਿੰਘ, ਸਾਬਕਾ ਵਿਧਾਇਕ ਸ. ਸੁਰਜੀਤ ਸਿੰਘ ਕੋਹਲੀ ਆਦਿ ਨੇ ਸ਼ਿਰਕਤ ਕੀਤੀ।

ਬਾਕੀ ਸਫ਼ਾ 2 'ਤੇ



# ਸਿੱਖੀ ਪ੍ਰਚਾਰ ਲਈ ਸਹਾਈ ਹੋਵੇਗੀ 'ਸ਼ਬਦ-ਗੁਰੂ ਯਾਤਰਾ'

ਸਿੱਖ ਧਰਮ ਦੇ ਬਾਨੀ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਸਖ਼ਸ਼ੀਅਤ ਤੇ ਵਿਚਾਰਧਾਰਾ ਸਮੁੱਚੀ ਮਨੁੱਖਤਾ ਲਈ ਵਿਸ਼ੇਸ਼ ਸਥਾਨ ਰੱਖਦੀ ਹੈ। ਗੁਰੂ ਜੀ ਦੀ ਸਖ਼ਸ਼ੀਅਤ ਤੋਂ ਸਾਰੇ ਧਰਮਾਂ ਦੇ ਲੋਕ ਬੇਹੱਦ ਪ੍ਰਭਾਵਤ ਹਨ। ਨਵੰਬਰ 2019 ਵਿਚ ਆ ਰਹੇ ਉਨ੍ਹਾਂ ਦੇ 550ਵੇਂ ਪ੍ਰਕਾਸ਼ ਗੁਰਪੁਰਬ ਮੌਕੇ ਉਨ੍ਹਾਂ ਦੀ ਸਰਬ-ਕਲਿਆਣਕਾਰੀ ਵਿਚਾਰਧਾਰਾ ਤੋਂ ਬੱਚਿਆਂ, ਨੌਜਵਾਨਾਂ ਸਮੇਤ ਹਰ ਵਰਗ ਦੇ ਲੋਕਾਂ ਨੂੰ ਜਾਣੂ ਕਰਵਾਉਣ ਅਤੇ ਸਤਿਗੁਰਾਂ ਦੇ ਇਸ ਪਾਵਨ ਦਿਹਾੜੇ ਨੂੰ ਖ਼ਾਲਸਾਈ ਜਾਹੋ-ਜਲਾਲ ਨਾਲ ਮਨਾਉਣ ਲਈ ਸਿੱਖ ਪੰਥ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸੰਸਥਾਵਾਂ ਸੰਪਰਦਾਵਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਵੱਖ-ਵੱਖ ਪ੍ਰੋਗਰਾਮ ਉਲੀਕੇ ਗਏ ਹਨ। ਸ੍ਰੀ ਗੁਰੂ ਨਾਨਕ ਦੇਵ ਜੀ ਦਾ 550ਵਾਂ ਪ੍ਰਕਾਸ਼ ਗੁਰਪੁਰਬ ਸਿੱਖ ਜਗਤ ਲਈ ਇਕ ਇਤਿਹਾਸਕ ਮੌਕਾ ਹੈ ਜਿਸ ਨੂੰ ਸਿੱਖੀ ਪ੍ਰਚਾਰ ਲਈ ਇਕ ਮਾਧਿਅਮ ਵਜੋਂ ਵਰਤਣ ਦੇ ਜਤਨ ਕੀਤੇ ਜਾ ਰਹੇ ਹਨ। ਇਸੇ ਤਹਿਤ ਗੁਰੂ ਜੀ ਵੱਲੋਂ ਬਖ਼ਸ਼ੇ ਫਲਸਫੇ ਨੂੰ ਸੰਗਤਾਂ ਤੱਕ ਪਹੁੰਚਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ-ਛੋਹ ਪ੍ਰਾਪਤ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਇਕ ਵਿਸ਼ੇਸ਼ ਨਗਰ ਕੀਰਤਨ ਦੇ ਰੂਪ ਵਿਚ "ਸ਼ਬਦ ਗੁਰੂ ਯਾਤਰਾ" ਪੂਰੇ ਪੰਜਾਬ ਵਿਚ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ।

ਇਹ ਨਗਰ ਕੀਰਤਨ 7 ਜਨਵਰੀ 2019 ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ (ਕਪੂਰਥਲਾ) ਤੋਂ ਆਰੰਭ ਹੋਵੇਗਾ, ਜੋ ਅਗਲੇ ਕੁਝ ਮਹੀਨੇ ਪੰਜਾਬ ਦੇ ਵੱਖ-ਵੱਖ ਜਿਲ੍ਹਿਆਂ ਦੇ ਸ਼ਹਿਰਾਂ, ਨਗਰਾਂ, ਕਸਬਿਆਂ, ਪਿੰਡਾਂ ਵਿਚੋਂ ਹੁੰਦਾ ਹੋਇਆ ਅਪ੍ਰੈਲ 2019 ਨੂੰ ਵਾਪਸ ਸੁਲਤਾਨਪੁਰ ਲੋਧੀ ਵਿਖੇ ਹੀ ਸੰਪੂਰਣ ਹੋਵੇਗਾ। ਸ਼੍ਰੋਮਣੀ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਸਦਕਾ ਖ਼ਾਲਸਾਈ ਸਾਨੋ-ਸ਼ੌਕਤ ਨਾਲ ਕੱਢਿਆ ਜਾ ਰਿਹਾ ਇਹ ਨਗਰ ਕੀਰਤਨ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਤਿਹਾਸਕ ਗੁਰਪੁਰਬ ਮੌਕੇ ਜਾਹੋ-ਜਲਾਲ ਨਾਲ ਸ਼ਮੂਲੀਅਤ ਕਰਨ ਸਬੰਧੀ ਪ੍ਰੇਰਣਾ ਦਿੰਦਾ ਹੋਇਆ ਸਾਰੇ ਪੰਜਾਬ ਦੀ ਯਾਤਰਾ ਸੰਪੂਰਨ ਕਰੇਗਾ। ਧਰਮ ਪ੍ਰਚਾਰ ਕਮੇਟੀ ਵੱਲੋਂ ਸ਼ਬਦ ਗੁਰੂ ਯਾਤਰਾ ਦੇ ਸਵਾਗਤ ਅਤੇ ਸਤਿਕਾਰ ਲਈ ਸੰਗਤ ਨੂੰ ਉਚੇਚੇ ਤੌਰ 'ਤੇ ਪ੍ਰੇਰਿਤ ਕੀਤਾ ਜਾ ਰਿਹਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸਜਾਏ ਜਾ ਰਹੇ ਇਸ ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰੇ ਸਾਹਿਬਾਨ ਕਰਨਗੇ ਜਦ ਕਿ ਇਸ ਇਤਿਹਾਸਕ ਨਗਰ ਕੀਰਤਨ ਨਾਲ ਸੰਗਤ ਦੇ ਦਰਸ਼ਨਾਂ ਲਈ ਇਤਿਹਾਸਕ ਸ਼ਸਤਰਾਂ ਅਤੇ ਗੁਰੂ ਸਾਹਿਬ ਦੀਆਂ ਨਿਸ਼ਾਨੀਆਂ ਵਾਲੀ ਬੱਸ ਵੀ ਚੱਲੇਗੀ।

7 ਜਨਵਰੀ 2019 ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਆਰੰਭ ਹੋ ਕੇ ਨਗਰ ਕੀਰਤਨ ਦੇ ਰਾਤ ਦਾ ਵਿਸ਼ਰਾਮ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਹੋਵੇਗਾ, 8 ਜਨਵਰੀ ਨੂੰ ਸ੍ਰੀ ਗੋਇੰਦਵਾਲ ਸਾਹਿਬ ਤੋਂ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਸਾਹਿਬ, 9 ਜਨਵਰੀ ਨੂੰ ਸ੍ਰੀ ਤਰਨ ਤਾਰਨ ਸਾਹਿਬ ਤੋਂ ਗੁਰਦੁਆਰਾ ਜਨਮ ਅਸਥਾਨ ਬਾਬਾ ਦੀਪ ਸਿੰਘ ਜੀ ਪਹੂਵਿੰਡ, 10 ਜਨਵਰੀ ਨੂੰ ਪਹੂਵਿੰਡ ਤੋਂ ਚੱਲ ਕੇ ਗੁਰਦੁਆਰਾ ਬੀਬੀ ਰਜਨੀ ਜੀ ਪੱਟੀ ਵਿਖੇ ਰਾਤ ਦਾ ਵਿਸ਼ਰਾਮ ਹੋਵੇਗਾ। ਇਸੇ ਤਰ੍ਹਾਂ 11 ਜਨਵਰੀ ਨੂੰ ਸ਼ਬਦ ਗੁਰੂ ਯਾਤਰਾ ਪੱਟੀ ਤੋਂ ਗੁਰਦੁਆਰਾ ਸਾਹਿਬ ਆਰਫਕੇ ਫਿਰੋਜ਼ਪੁਰ, 12 ਜਨਵਰੀ ਨੂੰ ਫਿਰੋਜ਼ਪੁਰ ਤੋਂ ਗੁਰਦੁਆਰਾ ਜ਼ਾਮਨੀ ਸਾਹਿਬ ਬਜ਼ੀਦਪੁਰ ਦਾ ਸਫਰ ਤਹਿ ਕਰੇਗੀ। 13 ਜਨਵਰੀ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਹੋਣ ਕਾਰਨ ਗੁਰਦੁਆਰਾ ਜ਼ਾਮਨੀ ਸਾਹਿਬ ਵਿਖੇ ਗੁਰਮਤਿ ਸਮਾਗਮ ਹੋਵੇਗਾ ਜਦਕਿ 14 ਜਨਵਰੀ ਨੂੰ ਸ਼ਬਦ ਗੁਰੂ ਯਾਤਰਾ ਅਗਲੇ ਪੜਾਅ ਲਈ ਬਜ਼ੀਦਪੁਰ ਤੋਂ ਜੀਰਾ, 15 ਜਨਵਰੀ ਨੂੰ ਜ਼ੀਰਾ ਤੋਂ ਗੁਰਦੁਆਰਾ ਹਜ਼ੂਰ ਸਾਹਿਬ ਧਰਮ ਕੋਟ 16 ਜਨਵਰੀ ਨੂੰ ਧਰਮ ਕੋਟ ਤੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਝੰਡੇਆਣਾ ਸਾਹਿਬ, 17 ਜਨਵਰੀ ਨੂੰ ਝੰਡੇਆਣਾ ਤੋਂ ਗੁਰਦੁਆਰਾ ਸਾਹਿਬ ਚੰਦ ਪੁਰਾਣਾ ਹੁੰਦੀ ਹੋਈ 18 ਜਨਵਰੀ ਨੂੰ ਰਾਤ ਦਾ ਵਿਸ਼ਰਾਮ ਗੁਰਦੁਆਰਾ ਜਫ਼ਰਨਾਮਾ ਸਾਹਿਬ ਦੀਨਾ ਸਾਹਿਬ ਵਿਖੇ ਕਰੇਗੀ। ਇਸੇ ਤਰ੍ਹਾਂ ਪੰਜਾਬ ਦੇ ਵੱਖ-ਵੱਖ ਜਿਲ੍ਹਿਆਂ ਵਿਚੋਂ ਹੁੰਦੀ ਹੋਈ ਸ਼ਬਦ ਗੁਰੂ ਯਾਤਰਾ 19 ਅਪ੍ਰੈਲ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸੰਪੂਰਨ ਹੋਵੇਗੀ।

ਅਸੀਂ ਵਡਭਾਗੇ ਹਾਂ ਕਿ ਸਾਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550ਵਾਂ ਪ੍ਰਕਾਸ਼ ਗੁਰਪੁਰਬ ਆਪਣੇ ਜੀਵਨ ਵਿਚ ਮਨਾਉਣ ਦਾ ਸੁਭਾਗਾ ਸਮਾਂ ਪ੍ਰਾਪਤ ਹੋਇਆ ਹੈ। ਆਓ! ਇਨ੍ਹਾਂ ਸਮਾਗਮਾਂ ਵਿਚ ਖ਼ਾਲਸਾਈ ਜਾਹੋ-ਜਲਾਲ ਨਾਲ ਸ਼ਮੂਲੀਅਤ ਕਰਕੇ ਆਪਣਾ ਜੀਵਨ ਸਫਲਾ ਕਰੀਏ।

-ਬਲਵਿੰਦਰ ਸਿੰਘ ਜੌੜਾਸਿੰਘਾ

ਸਫ਼ਾ 1 ਦਾ ਬਾਕੀ...

## ਇੱਕ ਪਿੰਡ ਇੱਕ ਗੁਰਦੁਆਰਾ...

ਯਤਨਾਂ ਨੂੰ ਸਲਾਹਿਆ ਅਤੇ ਇਕ ਪਿੰਡ ਇਕ ਗੁਰਦੁਆਰਾ ਸਾਹਿਬ ਮੁਹਿੰਮ ਨੂੰ ਹੋਰ ਤੇਜ ਕਰਨ ਲਈ ਸਹਿਯੋਗੀ ਬਣੇ ਰਹਿਣ ਦੀ ਵਚਨਬਧਤਾ ਦਾ ਪ੍ਰਗਟਾਵਾ ਵੀ ਕੀਤਾ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੂਬਾ ਸਿੰਘ ਡੱਬਵਾਲਾ ਅਤੇ ਜਥੇਦਾਰ ਅਵਤਾਰ ਸਿੰਘ ਵਣਵਾਲਾ ਨੇ ਵੀ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ। ਸਟੇਜ ਦੀ ਸੇਵਾ ਫੈਡਰੇਸ਼ਨ ਆਗੂ ਸ. ਦਿਲਬਾਗ ਸਿੰਘ ਵਿਰਕ ਨੇ ਨਿਭਾਈ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪਿੰਡ ਦੀਆਂ ਸੰਗਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ, ਜਦਕਿ ਪਿੰਡ ਵਾਸੀਆਂ ਵੱਲੋਂ ਵੀ ਭਾਈ ਲੌਂਗੋਵਾਲ, ਦਾ ਸਨਮਾਨ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੂਬਾ ਸਿੰਘ ਡੱਬਵਾਲਾ, ਜਥੇਦਾਰ ਅਵਤਾਰ ਸਿੰਘ ਵਣਵਾਲਾ, ਸ. ਸਰੂਪ ਸਿੰਘ ਨੰਦਗੜ੍ਹ ਸਾਬਕਾ ਮੈਂਬਰ, ਸ. ਦਿਲਬਾਗ ਸਿੰਘ ਵਿਰਕ ਕੌਮੀ ਜਨਰਲ ਸਕੱਤਰ ਫੈਡਰੇਸ਼ਨ, ਪ੍ਰਚਾਰਕ ਭਾਈ ਜਸਵਿੰਦਰਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਮੁਕਤਸਰ ਸਾਹਿਬ ਦੇ ਮੈਨੇਜਰ ਸ. ਬਲਦੇਵ ਸਿੰਘ, ਸ. ਸੁਰਜੀਤ ਸਿੰਘ ਸੋਢੀ, ਸਰਪੰਚ ਜਸਵਿੰਦਰ ਸਿੰਘ, ਸਾਬਕਾ ਸਰਪੰਚ ਹਰਬੰਸ ਲਾਲ, ਸ. ਹਰਬੰਸ ਸਿੰਘ, ਗੁਰਦੁਆਰਾ ਕਮੇਟੀ ਪ੍ਰਧਾਨ ਸ. ਅਮਰੀਕ ਸਿੰਘ, ਸ. ਹਰਜੀਤ ਸਿੰਘ ਹੀਰਾ ਸਾਬਕਾ ਮੈਂਬਰ, ਸ. ਗੁਰਪ੍ਰੀਤ ਸਿੰਘ, ਆਦਿ ਮੌਜੂਦ ਸਨ।

## ਸਿੱਖ ਅਜਾਇਬ ਘਰ...

ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸਿੱਖ ਇਤਿਹਾਸ ਦੀ ਤਰਜ਼ਮਾਨੀ ਕਰਦੇ ਸਿੱਖ ਅਜਾਇਬ ਘਰ ਗੁਰਦੁਆਰਿਆਂ 'ਚ ਹੋਣੇ ਅੱਜ ਸਮੇਂ ਦੀ ਵੱਡੀ ਲੋੜ ਹੈ ਤਾਂ ਜੋ ਮੌਜੂਦਾ ਹਾਲਾਤਾਂ 'ਚ ਬੱਚਿਆਂ ਅਤੇ ਅਜੋਕੀ ਪੀੜੀ ਨੂੰ ਸਿੱਖ ਵਿਰਸੇ, ਗੁਰਮਤਿ ਸੱਭਿਆਚਾਰ ਬਾਰੇ ਜਾਣੂੰ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਕੁਰਬਾਨੀਆਂ ਨਾਲ ਭਰਿਆ ਹੋਇਆ ਹੈ ਅਤੇ ਅਜਿਹੇ ਸ਼ਾਨਾਮੱਤੇ ਇਤਿਹਾਸ ਬਾਰੇ ਅਜੋਕੀ ਪੀੜੀ ਨੂੰ ਜਾਣੂੰ ਕਰਵਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀ ਵਿਰਾਸਤ ਨੂੰ ਸੰਭਾਲਣ, ਧਰਮ ਦੇ ਪ੍ਰਚਾਰ-ਪ੍ਰਸਾਰ ਲਈ ਸ਼੍ਰੋਮਣੀ ਕਮੇਟੀ ਯਤਨਸ਼ੀਲ ਹੈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਸਨਮਾਨ ਕਰਨ ਵਾਲਿਆਂ 'ਚ ਪ੍ਰਧਾਨ ਸਾਹਿਬ ਦੇ ਨਿੱਜੀ ਸਕੱਤਰ ਸ. ਸੁਖਵਿੰਦਰ ਸਿੰਘ, ਸ. ਦਰਸ਼ਨ ਸਿੰਘ ਪੀ.ਏ., ਗੁਰਦੁਆਰਾ ਦੂਖਨਿਵਾਰਨ ਸਾਹਿਬ ਦੇ ਮੈਨੇਜਰ ਸ. ਗੁਰਪ੍ਰੀਤ ਸਿੰਘ ਰੋਡੇ, ਸ. ਤਰਸੇਮ ਸਿੰਘ, ਐਡੀਸ਼ਨਲ ਮੈਨੇਜਰ ਕਰਮ ਸਿੰਘ, ਸ. ਅਮਰਪਾਲ ਸਿੰਘ, ਸ. ਗੁਰਦੀਪ ਸਿੰਘ, ਸ. ਰੁਪਿੰਦਰ ਸਿੰਘ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਸਟਾਫ ਅਤੇ ਅਧਿਕਾਰੀ ਆਦਿ ਸ਼ਾਮਲ ਸਨ।

# ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਕੌਮ ਲਈ ਮਾਰਗ ਦਰਸ਼ਨ-ਭਾਈ ਲੌਂਗੋਵਾਲ

# ਪੰਥ ਵਿਰੋਧੀ ਚਾਲਾਂ ਤੋਂ ਸੁਚੇਤ ਰਹੇ ਸਿੱਖ ਕੌਮ-ਗਿਆਨੀ ਹਰਪ੍ਰੀਤ ਸਿੰਘ



ਨਗਰ ਕੀਰਤਨ ਦੀ ਸਮਾਪਤੀ ਮੌਕੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਵਿਖੇ ਸਜਾਏ ਗਏ ਗੁਰਮਤਿ ਸਮਾਗਮ 'ਚ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਕੌਮ ਲਈ ਮਾਰਗ ਦਰਸ਼ਨ ਹੈ ਅਤੇ ਸਮੁੱਚੀ ਕੌਮ ਦਾ ਫ਼ਰਜ਼ ਬਣਦਾ ਹੈ ਕਿ ਆਪਣੇ ਮਹਾਨ ਸ਼ਹੀਦਾਂ ਦੇ ਜੀਵਨ ਤੋਂ ਸੇਧ ਲੈ ਕੇ ਕੌਮ ਦੀ ਚੜ੍ਹਦੀ ਕਲਾ ਲਈ ਯਤਨ ਕਰੇ। ਭਾਈ ਲੌਂਗੋਵਾਲ ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ-ਨਾਲ ਗੁਰੂ ਸਾਹਿਬ ਅਤੇ ਉਨ੍ਹਾਂ ਦੇ ਪਰਿਵਾਰ ਦਾ ਸਾਥ ਦੇਣ ਵਾਲੀਆਂ ਮਹਾਨ ਸ਼ਖ਼ਸੀਅਤਾਂ ਦੀ ਸ਼ਹੀਦੀ ਨੂੰ ਵੀ ਯਾਦ ਕੀਤਾ। ਉਨ੍ਹਾਂ ਕਿਹਾ ਕਿ ਸਮੂਹ ਸ਼ਹੀਦਾਂ ਦੀਆਂ ਕੁਰਬਾਨੀਆਂ ਸਾਨੂੰ ਬਿਖੜੇ ਸਮੇਂ ਹਿੰਮਤ ਦਾ ਪੱਲਾ ਫੜ੍ਹ ਕੇ ਧਰਮ ਵਿਚ ਪਰਪੱਕ ਰਹਿਣ ਦਾ ਰਾਹ ਦਿਖਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੂੰ ਆਪਣੇ ਸ਼ਹੀਦੀ ਵਿਰਸੇ 'ਤੇ ਮਾਣ ਹੈ ਅਤੇ ਰਹੇਗਾ। ਉਨ੍ਹਾਂ ਕਿਹਾ ਕਿ ਵਰਤਮਾਨ ਚੁਣੌਤੀਆਂ 'ਚੋਂ ਨਿਕਲਣ ਲਈ ਕੌਮੀ ਏਕਤਾ ਤੇ ਇਕਜੁੱਟਤਾ ਦੀ ਵੱਡੀ ਲੋੜ ਹੈ। ਭਾਈ ਲੌਂਗੋਵਾਲ ਨੇ ਉਨ੍ਹਾਂ ਸਮੂਹ ਧਾਰਮਿਕ ਸ਼ਖਸੀਅਤਾਂ, ਧਾਰਮਿਕ ਜਥੇਬੰਦੀਆਂ, ਸਭਾ-ਸੁਸਾਇਟੀਆਂ, ਸਕੂਲਾਂ/ਕਾਲਜਾਂ ਤੇ ਪ੍ਰਸ਼ਾਸਨ ਦਾ ਇਨ੍ਹਾਂ ਸਮਾਗਮਾਂ ਵਿਚ ਸਹਿਯੋਗ ਕਰਨ ਲਈ ਧੰਨਵਾਦ ਕੀਤਾ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਸੰਬੋਧਨ ਕਰਦਿਆਂ ਜਿੱਥੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ, ਉਥੇ ਹੀ ਪੰਥ ਵਿਰੋਧੀ ਲੋਕਾਂ ਦੀ ਚਾਲਾਂ ਤੋਂ ਪੰਥ ਨੂੰ ਸੁਚੇਤ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਆਖਿਆ ਕਿ ਕੁਝ ਮੁੱਠੀ ਭਰ ਲੋਕ ਸਿੱਖ ਕੌਮ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਨਾਲੋਂ ਤੋੜਨ ਦਾ ਯਤਨ ਕਰ ਰਹੇ ਹਨ ਅਤੇ ਇਨ੍ਹਾਂ ਲੋਕਾਂ ਦਾ ਮੰਤਵ ਕੇਵਲ ਪੰਥ ਨੂੰ ਕਮਜ਼ੋਰ ਕਰਨਾ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸਿੱਖ ਕੌਮ ਹਮੇਸ਼ਾ ਚੁਣੌਤੀਆਂ ਵਿਚੋਂ ਲੰਘਦੀ ਰਹੀ ਹੈ ਅਤੇ ਇਤਿਹਾਸ ਗਵਾਹ ਹੈ ਕਿ ਇਸ ਨੂੰ ਕੇਂਦਰੀ ਧੁਰੇ ਨਾਲੋਂ ਤੋੜਨ ਲਈ ਕਈ ਸ਼ਕਤੀਆਂ ਆਉਂਦੀਆਂ ਰਹੀਆਂ, ਪਰ ਹਰੇਕ ਨੂੰ ਮੂੰਹ ਦੀ ਖਾਣੀ ਪਈ। ਇਸ ਸਬੰਧ ਵਿਚ ਉਨ੍ਹਾਂ ਅਹਿਮਦ ਸ਼ਾਹ ਅਬਦਾਲੀ ਦਾ ਜ਼ਿਕਰ ਵੀ ਕੀਤਾ। ਸਿੰਘ ਸਾਹਿਬ ਨੇ ਨੌਜੁਆਨਾਂ ਅਤੇ ਬੱਚਿਆਂ ਅੰਦਰ ਸਿੱਖੀ ਸਰੋਕਾਰਾਂ ਦਾ ਸੰਚਾਰ ਕਰਨ ਲਈ ਮਾਪਿਆਂ ਨੂੰ ਅੱਗੇ ਆਉਣ ਦੀ ਅਪੀਲ ਵੀ ਕੀਤੀ।

ਇਸ ਸਮੇਂ ਸਟੇਜ ਦੀ ਸੇਵਾ ਨਿਭਾਉਂਦਿਆਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦੇ ਭਾਵੁਕ ਪਲਾਂ ਨੂੰ ਸੰਗਤ ਨਾਲ ਸਾਂਝਾ ਕੀਤਾ ਅਤੇ ਸਾਕਾ ਸਰਹੰਦ ਦਾ ਬਦਲਾ ਲੈਣ ਵਾਲੇ ਬਾਬਾ ਬੰਦਾ ਸਿੰਘ ਬਹਾਦਰ ਸਮੇਤ ਅਣ-ਗਿਣਤ ਸ਼ਹੀਦਾਂ ਨੂੰ ਵੀ ਸ਼ਰਧਾ ਤੇ ਸਤਿਕਾਰ ਭੇਟ ਕੀਤਾ।



ਗੁਰਦੁਆਰਾ ਡੇਰਾ ਬਾਬਾ ਅਜਾਪਾਲ ਸਿੰਘ ਜੀ ਨਾਭਾ (ਘੋੜਿਆਂ ਵਾਲਾ) ਵਿਖੇ ਸੁੰਦਰ ਪਾਰਕ ਦਾ ਨੀਂਹ ਪੱਥਰ ਰੱਖਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਨਾਲ ਹਨ ਮੈਂਬਰ ਸ. ਸਤਵਿੰਦਰ ਸਿੰਘ ਟੌਹੜਾ ਤੇ ਹੋਰ।

# ਹਲਕਾ ਅਜਨਾਲਾ ਦੇ ਵੱਖ-ਵੱਖ ਸਕੂਲਾਂ ਦੇ ਕਰਵਾਏ ਧਾਰਮਿਕ ਮੁਕਾਬਲੇ



ਅਜਨਾਲਾ- ਸਕੂਲੀ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੇ ਉਨ੍ਹਾਂ ਦੇ ਚਾਰ ਸਾਹਿਬਜ਼ਾਦਿਆਂ ਦੀ ਲਾਸਾਨੀ ਕੁਰਬਾਨੀ ਤੋਂ ਜਾਣੂੰ ਕਰਵਾਉਣ ਲਈ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਨੇ ਅਜਨਾਲਾ ਖੇਤਰ ਅੰਦਰ ਵੱਖ-ਵੱਖ ਸਕੂਲਾਂ ਵਿਚ ਸ਼ੁਰੂ ਕੀਤੀ ਗਈ ਪ੍ਰਚਾਰ ਮੁਹਿੰਮ ਦੌਰਾਨ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਜੀ.ਆਰ.ਡੀ. ਕਾਨਵੈਂਟ ਸਕੂਲ, ਬਾਬਾ ਬੁੱਢਾ ਸਾਹਿਬ ਪਬਲਿਕ ਸਕੂਲ ਅਜਨਾਲਾ, ਖਾਲਸਾ ਪਬਲਿਕ ਸਕੂਲ ਗੱਗੋਮਾਹਲ ਤੇ ਗੁਰੂ ਨਾਨਕ ਦੇਵ ਪਬਲਿਕ ਸਕੂਲ ਚਮਿਆਰੀ ਵਿਖੇ ਪਹੁੰਚ ਕੀਤੀ ਗਈ। ਉਨ੍ਹਾਂ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਜੀ ਦੇ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ ਅਤੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਜਿਨ੍ਹਾਂ ਨੇ ਛੋਟੀ ਜਿਹੀ ਉਮਰ ਵਿਚ ਹੀ ਮਨੁੱਖਤਾ ਉਪਰ ਜ਼ੁਲਮ ਕਰਨ ਵਾਲੇ ਮੁਗ਼ਲ ਹਾਕਮਾਂ ਅੱਗੇ ਈਨ ਨਾ ਮੰਨਦਿਆਂ ਅਤੇ ਧਰਮ ਵਿਚ ਪੱਕੇ ਰਹਿੰਦਿਆਂ ਆਪਣਾ ਜਾਨਾਂ ਵਾਰ ਦਿੱਤੀਆਂ। ਸਮੇਂ ਦੀ ਜ਼ਾਲਮ ਹਕੂਮਤ ਵੱਲੋਂ ਦਿੱਤੇ ਜਾ ਰਹੇ ਐਸ਼ੋ ਆਰਮ ਦੇ ਲਾਲਚਾਂ ਵਿਚ ਆ ਕੇ ਡੋਲੇ ਨਹੀਂ ਸਗੋਂ ਧਰਮ 'ਤੇ ਅਡੋਲ ਬਣੇ ਰਹੇ। ਉਨ੍ਹਾਂ ਦੀ ਇਹ ਕੁਰਬਾਨੀ ਸਮੁੱਚੀ ਕੌਮ ਲਈ ਪ੍ਰੇਰਨਾਦਾਇਕ ਘਟਨਾ ਹੈ ਜੋ ਪਰਮਾਤਮਾ ਦੇ ਨਾਮ ਨਾਲ ਜੁੜ ਕੇ ਜ਼ੁਲਮ ਦਾ ਟਾਕਰਾ ਕਰਨਾ ਸਿਖਾਉਂਦੀ ਹੈ। ਭਾਈ ਸੇਰੂਪੁਰ ਨੇ ਕਿਹਾ ਕਿ ਸਾਨੂੰ ਵੀ ਆਪਣੇ ਪੁਰਖਿਆਂ ਦੀ ਕੁਰਬਾਨੀ ਤੋਂ ਪ੍ਰੇਰਨਾ ਲੈ ਕੇ ਆਪਣੇ ਦ੍ਰਿੜ ਇਰਾਦੇ ਨਾਲ ਸੰਸਾਰ ਅੰਦਰ ਇਕ ਚੰਗੇ ਇਨਸਾਨ ਬਣ ਕੇ ਗੁਜ਼ਰਨਾ ਚਾਹੀਦਾ ਹੈ।

ਇਨ੍ਹਾਂ ਧਾਰਮਿਕ ਸਮਾਗਮਾਂ ਦੌਰਾਨ ਪ੍ਰਿੰਸੀਪਲ ਗੁਰਦਿਆਲ ਸਿੰਘ ਚੀਮਾ, ਪ੍ਰਿੰਸੀਪਲ ਗੁਰਦਰਸ਼ਨ ਸਿੰਘ ਬਜਾਜ, ਸ. ਸ਼ਮਸ਼ੇਰ ਸਿੰਘ ਚੱਕ ਡੋਗਰਾ, ਪ੍ਰਿੰਸੀਪਲ ਨਿਰਮਲ ਸਿੰਘ, ਸ. ਮੰਗਲ ਸਿੰਘ ਨਿੱਝਰ, ਸ. ਜਤਿੰਦਰ ਸਿੰਘ, ਪ੍ਰਿੰਸੀਪਲ ਕੁਲਜੀਤ ਕੌਰ, ਵਾਇਸ ਪ੍ਰਿੰਸੀਪਲ ਜਤਿੰਦਰ ਕੌਰ, ਬੀਬੀ ਕੁਲਵਿੰਦਰ ਕੌਰ, ਬੀਬੀ ਕਿਰਨਪ੍ਰੀਤ ਕੌਰ, ਬੀਬੀ ਸੰਨਦੀਪ ਕੌਰ, ਬੀਬੀ ਮਨਦੀਪ ਕੌਰ, ਬੀਬੀ ਨਵਦੀਪ ਕੌਰ, ਬੀਬੀ ਮਨਮੀਤ ਕੌਰ, ਬੀਬੀ ਪ੍ਰਭਜੀਤ ਕੌਰ, ਬੀਬੀ ਸਿਮਰਜੀਤ ਕੌਰ, ਬੀਬੀ ਗਗਨਦੀਪ ਕੌਰ, ਬੀਬੀ ਮਨਦੀਪ ਕੌਰ, ਬੀਬੀ ਨਵਜੋਤ ਕੌਰ, ਬੀਬੀ ਹਰਮਨ ਕੌਰ, ਬੀਬੀ ਰਮਨਦੀਪ ਕੌਰ, ਬੀਬੀ ਸਰਬਜੀਤ ਕੌਰ ਤੇ ਡਾਇਰੈਕਟਰ ਨੱਥਾ ਸਿੰਘ ਆਦਿ ਹਾਜ਼ਰ ਸਨ।

ਮੁੱਖ ਸੰਪਾਦਕ:
ਬਲਵਿੰਦਰ ਸਿੰਘ ਜੌੜਾਸਿੰਘਾ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

### ਭਾਈ ਲੌਂਗੋਵਾਲ ਦੀ ਅਗਵਾਈ 'ਚ ਹੋਈ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ

# ਪੰਜਾਬ ਭਰ ਵਿਚ ਸਜਾਇਆ ਜਾਵੇਗਾ ਵਿਸ਼ਾਲ ਨਗਰ ਕੀਰਤਨ

## 16 ਤੇ 17 ਫ਼ਰਵਰੀ 2019 ਨੂੰ ਕਰਵਾਏ ਜਾਣਗੇ ਵਿਸ਼ਾਲ ਪ੍ਰਸ਼ਨੋਤਰੀ ਮੁਕਾਬਲੇ



ਅੰਮ੍ਰਿਤਸਰ, 07 ਦਸੰਬਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਹੋਈ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਲਹਿਰ ਹੋਰ ਸਰਗਰਮ ਕਰਨ ਲਈ ਮੁੜ ਵਿਉਂਤਬੰਦੀ ਕੀਤੀ ਗਈ। ਇਸ ਤੋਂ ਇਲਾਵਾ ਇਕੱਤਰਤਾ 'ਚ ਇਕ ਵਿਸ਼ੇਸ਼ ਮਤਾ ਪਾਸ ਕਰਕੇ ਕੇਂਦਰ ਸਰਕਾਰ ਪਾਸੋਂ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਜਗਨਨਾਥ ਪੁਰੀ ਸਮੇਤ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਅਸਥਾਨਾਂ ਨੂੰ ਜੋੜਦੀ ਵਿਸ਼ੇਸ਼ ਟਰੇਨ ਚਲਾਉਣ ਦੀ ਵੀ ਮੰਗ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਹੋਈ ਇਸ ਇਕੱਤਰਤਾ ਦੇ ਫੈਸਲਿਆਂ ਬਾਰੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਹੈ ਕਿ ਪੰਜ ਸੌ ਪੰਜਾਹ ਸਾਲਾ ਪ੍ਰਕਾਸ਼ ਪੁਰਬ ਸਮਾਗਮਾਂ ਸਬੰਧੀ ਪ੍ਰੋਗਰਾਮ ਕਮੇਟੀ ਬਣਾਈ ਜਾਵੇਗੀ, ਤਾਂ ਜੋ ਨਵੰਬਰ 2019 ਤੀਕ ਚਲਾਏ ਜਾਣ ਵਾਲੇ ਸਾਰੇ ਗੁਰਮਤਿ ਸਮਾਗਮ ਦੀ ਰੂਪ ਰੇਖਾ ਨੂੰ ਅੰਤਮ ਰੂਪ ਦਿੱਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਪੰਜਾਬ ਭਰ ਵਿਚ ਇਕ ਵਿਸ਼ਾਲ ਨਗਰ ਕੀਰਤਨ ਦਾ ਫੈਸਲਾ ਵੀ ਕੀਤਾ ਗਿਆ ਹੈ, ਜੋ ਰੋਜ਼ਾਨਾ ਇਕ ਹਲਕੇ ਨੂੰ ਕਵਰ ਕਰੇਗਾ। ਇਸ ਸਬੰਧੀ ਇਕ ਕੇਂਦਰੀ ਕਮੇਟੀ ਅਤੇ ਜ਼ਿਲ੍ਹਾਵਾਰ ਕਮੇਟੀਆਂ ਗਠਤ ਕੀਤੀਆਂ ਜਾਣਗੀਆਂ। ਇਹ ਨਗਰ ਕੀਰਤਨ 7 ਜਨਵਰੀ 2019 ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਆਰੰਭ ਹੋਵੇਗਾ। ਭਾਈ ਲੌਂਗੋਵਾਲ ਅਨੁਸਾਰ ਧਰਮ ਪ੍ਰਚਾਰ ਲਹਿਰ ਤਹਿਤ ਹਰ ਹਲਕੇ ਵਿਚ ਮਹੀਨਾਵਾਰ ਵੱਡੇ ਗੁਰਮਤਿ ਸਮਾਗਮ ਸਜਾਉਣ ਦਾ ਵੀ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਮਾਗਮ ਵਾਲੇ ਅਸਥਾਨ ਨੂੰ ਕੇਂਦਰ ਮੰਨ ਕੇ ਪਹਿਲਾਂ ਆਲੇ-ਦੁਆਲੇ ਦੇ ਪਿੰਡਾਂ ਵਿਚ ਮਹੀਨਾ ਭਰ ਧਰਮ ਪ੍ਰਚਾਰ ਲਹਿਰ ਚਲਾਈ ਜਾਵੇਗੀ, ਤਾਂ ਜੋ ਵੱਡੇ ਸਮਾਗਮ ਵਿਚ ਸੰਗਤਾਂ ਦੀ ਭਰਵੀਂ ਸ਼ਮੂਲੀਅਤ ਲਈ ਪ੍ਰੇਰਣਾ ਕੀਤੀ ਜਾ ਸਕੇ। ਇਨ੍ਹਾਂ ਸਮਾਗਮਾਂ ਦੌਰਾਨ ਅੰਮ੍ਰਿਤ ਸੰਚਾਰ ਵੀ ਕੀਤੇ ਜਾਣਗੇ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦੱਸਿਆ ਕਿ ਧਰਮ ਪ੍ਰਚਾਰ ਲਹਿਰ ਨੂੰ ਹੋਰ ਕਾਰਗਰ ਬਣਾਉਣ ਲਈ ਪ੍ਰੋਜੈਕਟਰ ਵਿਧੀ ਅਪਨਾਈ ਜਾਵੇਗੀ ਅਤੇ ਇਸ ਅਧੀਨ ਧਰਮ ਪ੍ਰਚਾਰਕਾਂ ਨੂੰ ਹਰ ਜ਼ਿਲ੍ਹੇ ਵਿਚ ਇਕ ਪ੍ਰੋਜੈਕਟਰ ਸਿਸਟਮ ਦਿੱਤਾ ਜਾਵੇਗਾ। ਇਸ ਕਾਰਜ ਲਈ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਗੁਰ-ਅਸਥਾਨਾਂ ਅਤੇ ਉਨ੍ਹਾਂ ਦੀ ਵਿਚਾਰਧਾਰਾ ਬਾਰੇ ਵਿਸ਼ੇਸ਼ ਡੌਕੂਮੈਂਟਰੀਆਂ ਤਿਆਰ ਕੀਤੀਆਂ ਜਾਣਗੀਆਂ, ਇਸ ਲਈ ਮਾਹਿਰਾਂ ਦੀ ਮੱਦਦ ਵੀ ਲਈ ਜਾਵੇਗੀ। ਉਨ੍ਹਾਂ ਅੱਗੇ ਦੱਸਿਆ ਕਿ ਧਰਮ ਪ੍ਰਚਾਰ ਕਾਰਜਾਂ ਲਈ ਵਿਸ਼ੇਸ਼ ਨਾਟਕ ਟੀਮਾਂ ਦਾ ਵੀ ਸਹਾਰਾ ਲਿਆ ਜਾਵੇਗਾ। ਨਾਟਕਾਂ ਦੇ ਸਾਰੇ ਪਾਤਰ ਗੁਰਸਿੱਖ ਹੋਇਆ ਕਰਨਗੇ, ਜਿਨ੍ਹਾਂ ਨੂੰ ਤਿਆਰ ਕਰਨ ਲਈ ਸ਼੍ਰੋਮਣੀ ਕਮੇਟੀ ਦੇ ਮਿਸ਼ਨਰੀ ਕਾਲਜਾਂ ਅਤੇ ਵਿਦਿਆਲਿਆਂ ਦੇ ਵਿਦਿਆਰਥੀਆਂ ਦੀਆਂ ਸੇਵਾਵਾਂ ਲਈਆਂ ਜਾਣਗੀਆਂ। ਇਸ ਤੋਂ ਇਲਾਵਾ ਮੀਟਿੰਗ ਦੌਰਾਨ ਹਰਿਆਣਾ ਰਾਜ ਨਾਲ ਸਬੰਧਤ ਮੈਂਬਰਾਂ ਦੀ ਮੰਗ 'ਤੇ ਸਿੱਖ ਮਿਸ਼ਨ ਕੁਰੂਕੇਸ਼ਤਰ ਲਈ ਇਕ ਹੋਰ ਵੀਡੀਓ ਵੈਨ ਦੇਣ ਦਾ ਵੀ ਫੈਸਲਾ ਕੀਤਾ ਗਿਆ।

16 ਤੇ 17 ਫ਼ਰਵਰੀ 2019 ਕਰਵਾਏ ਜਾਣਗੇ ਵਿਸ਼ਾਲ ਪ੍ਰਸ਼ਨੋਤਰੀ ਮੁਕਾਬਲੇ - ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਪ੍ਰਸ਼ਨੋਤਰੀ ਮੁਕਾਬਲੇ ਕਰਵਾਉਣ ਦਾ ਵੀ ਫੈਸਲਾ ਕੀਤਾ ਗਿਆ। ਇਹ ਮੁਕਾਬਲੇ ਗੁਰੂ ਨਾਨਕ ਸੇਵਾ ਚੈਰੀਟੇਬਲ ਟਰੱਸਟ ਜੰਮੂ ਦੇ ਸਹਿਯੋਗ ਨਾਲ 'ਕੌਣ ਬਣੇਗਾ ਗੁਰਸਿੱਖ ਪਿਆਰਾ' ਦੇ ਟਾਈਟਲ ਹੇਠ ਕਰਵਾਏ ਜਾਣਗੇ, ਜਿਸ ਵਿਚ ਪੂਰੇ ਭਾਰਤ ਤੋਂ ਚੁਣੇ ਹੋਏ ਵਿਦਿਆਰਥੀ ਸ਼ਾਮਲ ਹੋਣਗੇ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਗੁਰੂ ਨਾਨਕ ਸੇਵਾ ਚੈਰੀਟੇਬਲ ਟਰੱਸਟ ਜੰਮੂ ਦੇ ਜਨਰਲ ਸਕੱਤਰ ਭਾਈ ਜਗਤਾਰ ਸਿੰਘ ਵੱਲੋਂ ਆਪਣੇ ਸਹਿਯੋਗੀਆਂ ਦੀ ਸਹਾਇਤਾ ਨਾਲ ਦੇਸ਼ ਦੇ ਵੱਖ-ਵੱਖ ਸੂਬਿਆਂ ਅੰਦਰ ਧਾਰਮਿਕ ਪ੍ਰੀਖਿਆ ਦੁਆਰਾ ਸਿੱਖ ਵਿਦਿਆਰਥੀਆਂ ਦੇ ਗੁਰਮਤਿ ਗਿਆਨ ਦੀ ਪਰਖ ਕੀਤੀ ਗਈ ਹੈ ਅਤੇ ਟਰੱਸਟ ਵੱਲੋਂ ਕੀਤੀ ਮੰਗ ਅਨੁਸਾਰ ਇਸ ਦਾ ਫਾਈਨਲ ਮੁਕਾਬਲਾ ਸ਼੍ਰੋਮਣੀ ਕਮੇਟੀ ਵੱਲੋਂ 16 ਤੇ 17 ਫ਼ਰਵਰੀ 2019 ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮੁਕਾਬਲੇ ਵਿੱਚੋਂ ਅਵੱਲ ਆਉਣ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਇਨਾਮੀ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਵੇਗਾ।

ਇਕੱਤਰਤਾ ਦੌਰਾਨ ਭਾਈ ਲੌਂਗੋਵਾਲ ਤੋਂ ਇਲਾਵਾ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂੰ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਤੇਜਿੰਦਰਪਾਲ ਸਿੰਘ ਢਿੱਲੋਂ, ਸ. ਮਨਜੀਤ ਸਿੰਘ ਬੱਪੀਆਣਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਦਿਲਜੀਤ ਸਿੰਘ ਬੇਦੀ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਸ. ਪਰਮਜੀਤ ਸਿੰਘ ਸਰੋਆ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ. ਤੇ ਹੋਰ ਮੌਜੂਦ ਸਨ।

# ਸਿੱਖ ਇਤਿਹਾਸ ਰੀਸਰਚ ਬੋਰਡ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਦੂਸਰਾ ਲੈਕਚਰ ਕਰਵਾਇਆ



ਅੰਮ੍ਰਿਤਸਰ, 08 ਦਸੰਬਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਿੱਖ ਇਤਿਹਾਸ ਰੀਸਰਚ ਬੋਰਡ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੀ ਵਿਸ਼ੇਸ਼ ਲੈਕਚਰ ਲੜੀ ਤਹਿਤ ਦੂਸਰਾ ਲੈਕਚਰ ਕਰਵਾਇਆ ਗਿਆ। 'ਸ੍ਰੀ ਗੁਰੂ ਨਾਨਕ ਦੇਵ ਜੀ ਦਾ 550ਵਾਂ ਪ੍ਰਕਾਸ਼ ਪੁਰਬ ਕਿਵੇਂ ਮਨਾਈਏ' ਸਿਰਲੇਖ ਹੇਠ ਡਾ. ਮੁਹੱਬਤ ਸਿੰਘ ਨੇ ਸਿੱਖ ਕੌਮ ਨੂੰ ਇਸ ਮਹਾਨ ਪੁਰਬ ਸਬੰਧੀ ਵਿਸ਼ੇਸ਼ ਯਤਨ ਕਰਨ ਅਤੇ ਪ੍ਰੋਗਰਾਮ ਉਲੀਕਣ ਦੇ ਸੁਝਾਅ ਦਿੱਤੇ। ਡਾ. ਮੁਹੱਬਤ ਸਿੰਘ ਨੇ ਆਪਣੇ ਭਾਸ਼ਣ ਰਾਹੀਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਸ਼ਖ਼ਸੀਅਤ ਤੋਂ ਸਾਰੇ ਧਰਮਾਂ ਦੇ ਵਿਦਵਾਨ ਅਤੇ ਲੋਕ ਬੇਹੱਦ ਪ੍ਰਭਾਵਤ ਹਨ ਅਤੇ ਵਿਸ਼ਵ ਦੇ ਸਕਾਲਰਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਨੂੰ ਵਿਸ਼ੇਸ਼ ਮਹੱਤਵ ਦਿੱਤਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਮਨਾਉਣ ਸਮੇਂ ਬੱਚਿਆਂ, ਨੌਜੁਆਨਾਂ, ਬਜ਼ੁਰਗਾਂ ਭਾਵ ਹਰ ਵਰਗ ਦੀਆਂ ਸੰਗਤਾਂ ਲਈ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਨੂੰ ਦਰਸਾਉਂਦਾ ਸਾਹਿਤ ਛਾਪ ਕੇ ਵੱਡੀ ਗਿਣਤੀ ਵਿਚ ਵੰਡਣਾ ਚਾਹੀਦਾ ਹੈ। ਗੁਰੂ ਸਾਹਿਬ ਜੀ ਦੀ ਪਾਵਨ ਬਾਣੀ ਦੀ ਰੌਸ਼ਨੀ ਵਿਚ ਸਮਾਜਿਕ ਕੁਰੀਤੀਆਂ ਅਤੇ ਸਮੱਸਿਆਵਾਂ ਦੇ ਹੱਲ ਵੀ ਸੁਝਾਉਣੇ ਚਾਹੁੰਦੇ ਹਨ, ਤਾਂ ਜੋ ਨਰੋਏ ਸਮਾਜ ਦੀ ਸਿਰਜਣਾ ਹੋ ਸਕੇ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਆਖਿਆ ਕਿ ਸਿੱਖ ਇਤਿਹਾਸ ਰੀਸਰਚ ਬੋਰਡ ਦੀਆਂ ਪੁਰਾਤਨ ਪ੍ਰੰਪਰਾਵਾਂ ਨੂੰ ਕਾਇਮ ਰੱਖਣਾ ਸਮੇਂ ਦੀ ਵੱਡੀ ਲੋੜ ਹੈ ਅਤੇ ਇਸ ਦਿਸ਼ਾ ਵਿਚ ਲੈਕਚਰ ਲੜੀ ਕਾਰਗਰ ਉਪਰਾਲਾ ਹੈ। ਉਨ੍ਹਾਂ ਸਿੱਖ ਸਕਾਲਰਾਂ ਨੂੰ ਪ੍ਰੇਰਣਾ ਕੀਤੀ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਬੰਧੀ ਵਿਸ਼ੇਸ਼ ਲਿਖਤਾਂ ਲਿਖੀਆਂ ਜਾਣ, ਤਾਂ ਜੋ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਵੱਧ ਤੋਂ ਵੱਧ ਫੈਲ ਸਕੇ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਕਿਹਾ ਕਿ 550ਵਾਂ ਪ੍ਰਕਾਸ਼ ਪੁਰਬ ਸਿੱਖ ਜਗਤ ਲਈ ਇਕ ਇਤਿਹਾਸਕ ਮੌਕਾ ਹੈ, ਜਿਸ ਨੂੰ ਸਿੱਖੀ ਪ੍ਰਚਾਰ ਲਈ ਇਕ ਮਾਧਿਅਮ ਵਜੋਂ ਵਰਤਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਕਿਤਾਬਾਂ ਤਿਆਰ ਕਰਨ ਦੇ ਨਾਲ ਨਾਲ ਧਰਮ ਪ੍ਰਚਾਰ ਲਹਿਰ ਨੂੰ ਵੀ ਇਸੇ ਉੱਤੇ ਹੀ ਕੇਂਦਰਿਤ ਕੀਤਾ ਗਿਆ ਹੈ ਅਤੇ ਸੰਗਤਾਂ ਨੂੰ ਚਾਹੀਦਾ ਹੈ ਕਿ ਉਹ ਵੱਧ ਤੋਂ ਵੱਧ ਸਹਿਯੋਗ ਕਰਨ। ਇਸ ਤੋਂ ਇਲਾਵਾ ਸਿੱਖ ਇਤਿਹਾਸ ਰੀਸਰਚ ਬੋਰਡ ਦੀ ਇੰਚਾਰਜ ਡਾ. ਅਮਰਜੀਤ ਕੌਰ, ਸਕਾਲਰ ਸ. ਰਾਜਵਿੰਦਰ ਸਿੰਘ ਜੋਗਾ ਅਤੇ ਪ੍ਰੋਫ਼ੈਸਰ ਮਨਜੀਤ ਕੌਰ ਨੇ ਸੰਬੋਧਨ ਕੀਤਾ। ਇਸ ਮੌਕੇ ਸ. ਸਿਮਰਜੀਤ ਸਿੰਘ ਕੰਗ ਮੀਤ ਸਕੱਤਰ, ਡਾ. ਰਣਜੀਤ ਕੌਰ ਪੰਨਵਾਂ ਸਕਾਲਰ, ਪ੍ਰੋਫ਼ੈਸਰ ਜਗਦੀਸ਼ ਸਿੰਘ ਨਾਦ ਪ੍ਰਗਾਸ, ਸ. ਸਤਿੰਦਰ ਸਿੰਘ ਫੂਲਪੁਰ ਸੰਪਾਦਕ ਗੁਰਮਤਿ ਪ੍ਰਕਾਸ਼, ਪ੍ਰੋਫ਼ੈਸਰ ਅਮਰਜੀਤ ਕੌਰ, ਬੀਬੀ ਮਨਮੋਹਨ ਕੌਰ ਇੰਚਾਰਜ, ਬੀਬੀ ਗੁਰਮੀਤ ਕੌਰ ਸਕਾਲਰ, ਬੀਬੀ ਕਿਰਨਦੀਪ ਕੌਰ ਸਕਾਲਰ, ਸ. ਅਰਮਨਜੀਤ ਸਿੰਘ ਸਕਾਲਰ ਆਦਿ ਮੌਜੂਦ ਸਨ।

**5 ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਜ਼ਲ੍ਹਾ ਭੰਡਾਰ, ਨਾਗਪੁਰ (ਮਹਾਰਾਸ਼ਟਰ) ਤੋਂ 24 ਅੰਮ੍ਰਿਤ ਅਭਿਲਾਖੀਆਂ ਨੇ ਅੰਮ੍ਰਿਤ ਛਕ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ।**



# ਪੰਗਧਰ ਜ਼ਿਲ੍ਹਾ ਸਾਂਬਾ ਵਿਖੇ ਸਿੱਖ ਮਿਸ਼ਨ ਜੰਮੂ ਕਸ਼ਮੀਰ ਵੱਲੋਂ ਕਰਵਾਇਆ ਗਿਆ ਅੰਮ੍ਰਿਤ ਸੰਚਾਰ ਸਮਾਗਮ



ਸ੍ਰੀਨਗਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਜੰਮੂ ਕਸ਼ਮੀਰ ਵਿਚ ਚਲਾਈ ਜਾ ਰਹੀ ਧਰਮ ਪ੍ਰਚਾਰ ਲਹਿਰ ਤਹਿਤ ਪੰਗਧਰ ਜ਼ਿਲ੍ਹਾ ਸਾਂਬਾ ਵਿਖੇ ਐਤਵਾਰ ਨੂੰ ਇਕ ਵਿਸ਼ੇਸ਼ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਜਿਸ ਵਿਚ ਸ੍ਰੀ ਅਕਾਲ ਤਖਤ ਸਾਹਿਬ ਤੋਂ ਵਿਸ਼ੇਸ਼ ਤੌਰ ’ਤੇ ਪਹੁੰਚੇ ਪੰਜ ਪਿਆਰਿਆਂ ਪਾਸੋਂ 76 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਛਕ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ ਅਤੇ ਆਪਣੇ ਜੀਵਨ ਨੂੰ ਗੁਰੂ ਅੱਗੇ ਅਰਪਣ ਕੀਤਾ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜਾਬ ਤੋਂ ਬਾਹਰ ਦੇ ਵੱਸਦੇ ਸਿੱਖਾਂ ਤਕ ਪਹੁੰਚ ਕੀਤੀ ਜਾ ਰਹੀ ਹੈ ਅਤੇ ਧਰਮ ਦੇ ਪ੍ਰਚਾਰ-ਪ੍ਰਸਾਰ ਲਈ ਵੱਖ-ਵੱਖ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ।

ਭਾਈ ਲੋਂਗੋਵਾਲ ਵੱਲੋਂ ਵੀ ਪੰਜਾਬ ਦੇ ਬਾਹਰ ਵੱਖ-ਵੱਖ ਸਮਾਗਮਾਂ ਵਿਚ ਸ਼ਮੂਲੀਅਤ ਕੀਤੀ ਜਾ ਹਰੀ ਹੈ ਤਾਂ ਜੋ ਹੋਰ ਜ਼ਿਆਦਾ ਵਧੀਆ ਢੰਗ ਨਾਲ ਇਸ ਲਹਿਰ ਨੂੰ ਅੱਗੇ ਵਧਾਉਣ ਲਈ ਯੋਗ ਪ੍ਰਬੰਧ ਕੀਤੇ ਜਾ ਸਕਣ।

ਇਸ ਮੌਕੇ ਜੰਮੂ ਕਸ਼ਮੀਰ ਸਿੱਖ ਮਿਸ਼ਨ ਦੇ ਇੰਚਾਰਜ ਭਾਈ ਸਵਰਨ ਸਿੰਘ ਖਾਲਸਾ ਨੇ ਅੰਮ੍ਰਿਤ ਅਭਿਲਾਖੀਆਂ ਨੂੰ ਸੰਬੋਧਨ ਕਰਦਿਆਂ ਗੁਰੂ ਵਾਲੇ ਬਣਨ ’ਤੇ ਵਧਾਈ ਦਿੱਤੀ।

ਜ਼ਿਕਰਯੋਗ ਹੈ ਕਿ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਵੱਲੋਂ ਕਰਵਾਏ ਜਾਂਦੇ ਅੰਮ੍ਰਿਤ ਸੰਚਾਰ ਸਮਾਗਮਾਂ ਵਿਚ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਵਾਲਿਆਂ ਪ੍ਰਾਣੀਆਂ ਨੂੰ ਭੇਟਾ ਰਹਿਤ ਕਕਾਰ ਦਿੱਤੇ ਜਾਂਦੇ ਹਨ।

ਇਸ ਮੌਕੇ ਸਿੱਖ ਮਿਸ਼ਨ ਜੰਮੂ ਕਸ਼ਮੀਰ ਦੇ ਪ੍ਰਚਾਰਕਾਂ ਤੋਂ ਇਲਾਵਾ ਸਥਾਨਕ ਗੁਰਦੁਆਰਾ ਕਮੇਟੀ ਦੇ ਨੁਮਾਇੰਦੇ ਅਤੇ ਸੰਗਤਾਂ ਹਾਜ਼ਰ ਸਨ।

# 550 ਸਾਲਾ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਪੁਰਾਤਨ ਪੁਸਤਕਾਂ ਨੂੰ ਮੁੜ ਛਾਪੇਗੀ-ਭਾਈ ਲੌਂਗੋਵਾਲ

### ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਦੀ ਅਗਵਾਈ 'ਚ ਸਿੱਖ ਇਤਿਹਾਸ ਰੀਸਰਚ ਬੋਰਡ ਦੀ ਹੋਈ ਇਕੱਤਰਤਾ



ਅੰਮ੍ਰਿਤਸਰ, 08 ਦਸੰਬਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ ਪ੍ਰੋਫੈਸਰ ਪ੍ਰੀਤਮ ਸਿੰਘ ਦੀ ਪੁਸਤਕ 'ਗੁਰੂ ਨਾਨਕ ਵਿਚਾਰਧਾਰਾ' ਅਤੇ ਯਾਦਗਾਰੀ ਸਿੱਖ ਡਾਇਰੀ ਛਾਪਣ ਦਾ ਫੈਸਲਾ ਕੀਤਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਸਿੱਖ ਇਤਿਹਾਸ ਰੀਸਰਚ ਬੋਰਡ ਦੀ ਇਕੱਤਰਤਾ ਦੌਰਾਨ ਇਹ ਫੈਸਲਾ ਕੀਤਾ ਗਿਆ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਹੈ ਕਿ ਸਿੱਖ ਇਤਿਹਾਸ ਰੀਸਰਚ ਬੋਰਡ ਦੀ ਇਕੱਤਰਤਾ 'ਚ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਬੈਜ (ਬਿੱਲੇ) ਤਿਆਰ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਕਾਸ਼ਤ ਪੁਰਾਤਨ ਪੁਸਤਕਾਂ ਨੂੰ ਮੁੜ ਛਪਵਾਉਣ ਦਾ ਫੈਸਲਾ ਕੀਤਾ ਹੈ, ਇਸ ਤਹਿਤ ਮੁੱਢਲੇ ਤੌਰ 'ਤੇ ਕੁਝ ਪੁਸਤਕਾਂ ਛਪਵਾਈਆਂ ਜਾਣਗੀਆਂ। ਇਸ ਤੋਂ ਇਲਾਵਾ ਇਸ ਇਤਿਹਾਸਕ ਮੌਕੇ 'ਤੇ ਨਵੀਆਂ ਪੁਸਤਕਾਂ ਵੀ ਤਿਆਰ ਕੀਤੀਆਂ ਜਾ ਰਹੀਆਂ ਹਨ। ਇਸ ਕਾਰਜ ਲਈ ਵੱਖ-ਵੱਖ ਸਿੱਖ ਵਿਦਵਾਨਾਂ ਪਾਸੋਂ ਵਿਸ਼ੇਸ਼ ਲੇਖ ਮੰਗਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਲੜੀ ਤਹਿਤ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਇਤਿਹਾਸ ਬਾਰੇ ਇਕ ਪੁਸਤਕ ਲਗਪਗ ਤਿਆਰ ਹੈ, ਜਿਸ ਨੂੰ ਅਗਲੇ ਦਿਨਾਂ ਵਿਚ ਸੰਗਤ ਅਪਰਣ ਕਰ ਦਿੱਤਾ ਜਾਵੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਹ ਵੀ ਦੱਸਿਆ ਕਿ ਬੀਤੇ ਸਮੇਂ 'ਚ ਪ੍ਰਸਿੱਧ ਪੱਤਰਕਾਰ ਸ. ਹਰਬੀਰ ਸਿੰਘ ਭੰਵਰ ਦੀ ਪੁਸਤਕ 'ਡਾਇਰੀ ਦੇ ਪੰਨੇ' ਛਾਪੀ ਗਈ ਸੀ, ਜਿਸ ਦੇ ਕੁਝ ਸਮਾਂ ਪਹਿਲਾਂ ਛਾਪਣ ਦੇ ਅਧਿਕਾਰ ਸ. ਭੰਵਰ ਨੇ ਵਾਪਸ ਲੈ ਲਏ ਸਨ। ਲੇਖਕ ਵੱਲੋਂ ਹੁਣ ਸ਼੍ਰੋਮਣੀ ਕਮੇਟੀ ਨੂੰ ਮੁੜ ਅਧਿਕਾਰ ਦੇਣ ਲਈ ਪੱਤਰ ਭੇਜਿਆ ਗਿਆ ਹੈ ਅਤੇ ਇਸ ਪੁਸਤਕ ਨੂੰ ਹੁਣ ਸ਼੍ਰੋਮਣੀ ਕਮੇਟੀ ਵੱਲੋਂ ਮੁੜ ਪ੍ਰਕਾਸ਼ਤ ਕਰਵਾਇਆ ਜਾਵੇਗਾ। ਭਾਈ ਲੌਂਗੋਵਾਲ ਨੇ ਦੱਸਿਆ ਕਿ ਸ. ਭੰਵਰ ਦੀ ਸਿਹਤ ਠੀਕ ਨਾ ਰਹਿਣ ਕਰਕੇ ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਨੂੰ ਇਕ ਲੱਖ ਰੁਪਏ ਦੀ ਸਹਾਇਤਾ ਦੇਣ ਦਾ ਫੈਸਲਾ ਕੀਤਾ ਗਿਆ ਹੈ। ਇਕ ਹੋਰ ਵਿਸ਼ੇਸ਼ ਫੈਸਲੇ ਸਬੰਧੀ ਭਾਈ ਲੌਂਗੋਵਾਲ ਨੇ ਦੱਸਿਆ ਕਿ ਸਿੱਖ ਇਤਿਹਾਸ, ਗੁਰਬਾਣੀ, ਗੁਰਮਤਿ ਸਿਧਾਂਤਾਂ ਨਾਲ ਸਬੰਧਤ ਸਰਵਉੱਚ ਪੁਸਤਕਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਉਚੇਚੇ ਇਨਾਮ ਦਿੱਤੇ ਜਾਇਆ ਕਰਨਗੇ। ਇਸ ਤਹਿਤ ਸਾਲ ਵਿਚ ਇਕ ਪੰਜਾਬੀ ਭਾਸ਼ਾ ਵਿਚ ਗੁਰਮਤਿ ਨਾਲ ਸਬੰਧਤ ਸਰਵੋਤਮ ਪੁਸਤਕ ਦੇ ਲੇਖਕ ਅਤੇ ਇਕ ਕਿਸੇ ਹੋਰ ਭਾਸ਼ਾ ਦੀ ਗੁਰਮਤਿ ਸਬੰਧੀ ਪੁਸਤਕ ਦੇ ਲੇਖਕ ਨੂੰ 51-51 ਹਜ਼ਾਰ ਰੁਪਏ ਨਾਲ ਸਨਮਾਨਿਤ ਕੀਤਾ ਜਾਵੇਗਾ।

ਇਕੱਤਰਤਾ ਦੌਰਾਨ ਭਾਈ ਲੌਂਗੋਵਾਲ ਤੋਂ ਇਲਾਵਾ ਸਿੱਖ ਇਤਿਹਾਸ ਰੀਸਰਚ ਬੋਰਡ ਦੇ ਮੈਂਬਰ ਡਾ. ਪਰਮਵੀਰ ਸਿੰਘ, ਪ੍ਰੋ. ਪ੍ਰਭਜੋਤ ਕੌਰ ਚੰਡੀਗੜ੍ਹ, ਸ. ਹਰਵਿੰਦਰ ਸਿੰਘ ਖ਼ਾਲਸਾ ਬਠਿੰਡਾ, ਡਾ. ਰੂਪ ਸਿੰਘ ਮੁੱਖ ਸਕੱਤਰ, ਸ. ਦਿਲਜੀਤ ਸਿੰਘ ਬੇਦੀ ਸਕੱਤਰ, ਸ. ਸਿਮਰਜੀਤ ਸਿੰਘ ਕੰਗ ਮੀਤ ਸਕੱਤਰ, ਡਾ. ਅਮਰਜੀਤ ਕੌਰ ਇੰਚਾਰਜ, ਡਾ. ਰਣਜੀਤ ਕੌਰ ਪੰਨਵਾਂ ਸਕਾਲਰ ਅਤੇ ਹੋਰ ਮੌਜੂਦ ਸਨ।


16 ਦਸੰਬਰ 2018 ਨੂੰ ਪਿੰਡ ਬਲ ਖੁਰਦ (ਅੰਮ੍ਰਿਤਸਰ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ 33 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।


ਗੁਰਦੁਆਰਾ ਸਾਹਿਬ ਪਿੰਡ ਮਲਕੋਕਾ ਜ਼ਿਲ੍ਹਾ ਹਨੂੰਮਾਨਗੜ੍ਹ (ਰਾਜਸਥਾਨ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ 64 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।


ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਬੱਦੋਵਾਲ ਖੁਰਦ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 27 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।


ਗੁਰਦੁਆਰਾ ਸਿੰਘ ਸਭਾ ਸੁਕਰਪੁਰਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 30 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।


ਗੁਰਦੁਆਰਾ ਚੁਬਾਰਾ ਸਾਹਿਬ ਪਿੰਡ ਛੀਟਾਂਵਾਲਾ ਹਲਕਾ ਭਾਦਸੋਂ ਵਿਖੇ ਜਥੇ. ਸਤਵਿੰਦਰ ਸਿੰਘ ਟੌਹੜਾ ਮੈਂਬਰ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 150 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।


ਪਿੰਡ ਚੰਦੂਮਾਜਰਾ ਪਟਿਆਲਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 30 ਅੰਮ੍ਰਿਤ ਅਭਿਲਾਖੀਆਂ ਨਾਲ ਪੰਜ ਪਿਆਰੇ ਸਾਹਿਬਾਨ ਅਤੇ ਪ੍ਰਚਾਰਕ ਸਾਹਿਬਾਨ।


ਗੁਰਦੁਆਰਾ ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਜੀ ਤਲਵੰਡੀ ਸਾਬੋ (ਬਠਿੰਡਾ) ਵਿਖੇ 2 ਦਸੰਬਰ 2018 ਨੂੰ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 154 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।


ਹਲਕਾ ਸਮਾਣਾ ਦੇ ਗੁਰਦੁਆਰਾ ਜੰਡਸਰ ਸਾਹਿਬ ਕੋਟਲੀ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ 41 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।


ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵੱਲੋਂ ਗੁਰਦੁਆਰਾ ਸਾਹਿਬ ਪਿੰਡ ਸੰਤਪੁਰਾ (ਰਾਜਸਥਾਨ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 19 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।


ਗੁਰਦੁਆਰਾ ਅਕਾਲ ਸਰ ਮੋਗਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 41 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।


ਗੁਰਦੁਆਰਾ ਸਾਹਿਬ ਨਾਨਕਸਰ ਨਹਿਰੂ ਨਗਰ, ਭਿਲਾਈ (ਛਤੀਸਗੜ੍ਹ) ਵਿਖੇ ਹੋਏ ਅੰਮ੍ਰਿਤ ਸੰਚਾਰ ਸਮੇਂ 70 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।


ਤਖ਼ਤ ਸ੍ਰੀ ਦਮਦਮਾ ਸਾਹਿਬ ਵੱਲੋਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ ਗੁਰਦੁਆਰਾ ਸਾਹਿਬ ਗੋਲੂਵਾਲਾ ਮੰਡੀ (ਰਾਜਸਥਾਨ) ਵਿਖੇ 24 ਤੇ ਗੁਰਦੁਆਰਾ ਸਾਹਿਬ ਪਿੰਡ ਮੂਲੋਵਾਲ (ਸੰਗਰੂਰ) ਵਿਖੇ 12 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਗੁਰਦੁਆਰਾ ਬਾਬਾ ਬੀਰ ਸਿੰਘ ਜੀ ਬਾਬਾ ਧੀਰ ਸਿੰਘ ਜੀ ਵਿਖੇ 7 ਦਸੰਬਰ 2018 ਨੂੰ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ 50 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਗੁਰਦੁਆਰਾ ਗੁਰੂ ਅਮਰਦਾਸ ਜੀ ਦੇਵਪੁਰੀ, ਸਿੱਖ ਮਿਸ਼ਨ ਰਾਏਪੁਰ, ਛੱਤੀਸਗੜ੍ਹ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 25 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।



ਗੁਰਦੁਆਰਾ ਬਾਬਾ ਬੀਰ ਸਿੰਘ ਜੀ ਬਾਬਾ ਧੀਰ ਸਿੰਘ ਜੀ ਵਿਖੇ 30 ਦਸੰਬਰ 2018 ਨੂੰ ਕਰਵਾਏ ਗਏ ਅੰਮ੍ਰਿਤ ਸੰਚਾਰ ਦੌਰਾਨ 87 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।



23 ਦਸੰਬਰ 2018 ਨੂੰ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਬਾਬਾ ਧੀਰ ਸਿੰਘ ਜੀ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ) ਵਿਖੇ 180 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫਤਹਿ ਸਿੰਘ ਜੀ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਅਖੰਡ ਕੀਰਤਨੀ ਜਥੇ ਵੱਲੋਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਕਰਵਾਏ ਗਏ ਕੀਰਤਨ ਸਮਾਗਮ ਦੌਰਾਨ ਗੁਰਬਾਣੀ ਕੀਰਤਨ ਕਰਦੇ ਹੋਏ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸਮਾਗਮ ਵਿਚ ਹਾਜ਼ਰ ਸੰਗਤਾਂ।



# ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ

ਸੁਲਤਾਨਪੁਰ ਲੋਧੀ- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਾਤਾ ਗੁਜਰੀ ਜੀ, ਚਾਰ ਸਾਹਿਬਜ਼ਾਦਿਆਂ ਤੇ ਚਮਕੌਰ ਦੀ ਗੜ੍ਹੀ ਦੇ ਸਮੂਹ ਸ਼ਹੀਦਾਂ ਦੀਆਂ ਲਾਸਾਨੀ ਸ਼ਹਾਦਤਾਂ ਨੂੰ ਸਮਰਪਿਤ ਵਿਸ਼ਾਲ ਗੁਰਮਤਿ ਸਮਾਗਮ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਕਰਵਾਇਆ ਗਿਆ। ਜਿਸ ਵਿਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ, ਦਸਮੇਸ਼ ਅਕੈਡਮੀ, ਅਕਾਲ ਗਲੈਕਸੀ, ਅਕਾਲ ਅਕੈਡਮੀ, ਤੇ ਨਨਕਾਣਾ ਸਾਹਿਬ ਖਾਲਸਾ ਸਕੂਲ ਸੁਲਤਾਨਪੁਰ ਲੋਧੀ ਤੋਂ ਇਲਾਵਾ ਹੋਰਨਾਂ ਸਕੂਲਾਂ ਦੇ ਕਰੀਬ ਚਾਰ ਹਜ਼ਾਰ





ਬੱਚਿਆਂ ਨੇ ਹਾਜ਼ਰੀ ਭਰੀ। ਸਮਾਗਮ ਦੀ ਸ਼ੁਰੂਆਤ ਸਮੇਂ ਬੱਚਿਆਂ ਵੱਲੋਂ ਸਮੂਹਿਕ ਰੂਪ ਵਿਚ ਜਪ ਜੀ ਸਾਹਿਬ ਦੇ ਪਾਠ ਕੀਤੇ ਗਏ। ਪਾਠ ਉਪਰੰਤ ਬੱਚਿਆਂ ਵੱਲੋਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਰੂਪਮਾਨ ਕਰਦੇ ਲੈਕਚਰ ਪੜ੍ਹੇ ਗਏ ਅਤੇ ਧਾਰਮਿਕ ਕਵਿਤਾਵਾਂ ਗਾ ਕੇ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ ਗਿਆ।

ਸਮਾਗਮ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੈਂਬਰ ਬੀਬੀ ਗੁਰਪ੍ਰੀਤ ਕੌਰ ਰੂਹੀ ਨੇ ਧਾਰਮਿਕ ਕਵਿਤਾਵਾਂ ਅਤੇ ਲੈਕਚਰ ਪੜ੍ਹਨ ਵਾਲੇ ਬੱਚਿਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਸਮੂਹ ਪ੍ਰਬੰਧਕ ਸਾਹਿਬਾਨ ਦਾ ਇਸ ਸਮਾਗਮ ਨੂੰ ਕਰਾਉਣ ਲਈ ਧੰਨਵਾਦ ਵੀ ਕੀਤਾ।

ਇਸ ਸਮੇਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਸੁਰਜੀਤ ਸਿੰਘ ਸਭਰਾਅ ਨੇ ਕਿਹਾ ਕਿ ਸਾਹਿਬਜ਼ਾਦਿਆਂ ਨੇ ਆਰਾਮ ਤੇ ਐਸ਼-ਇਸ਼ਰਤ ਵਾਲੀ ਗ਼ੁਲਾਮੀ ਦੀ ਜ਼ਿੰਦਗੀ ਨੂੰ ਜੁੱਤੀ ਦੀ ਨੋਕ 'ਤੇ ਠੁਕਰਾਉਂਦੇ ਹੋਏ ਅਣਖ ਭਰੀ ਮੌਤ ਨੂੰ ਗਲੇ ਲਗਾਇਆ। ਸਾਹਿਬਜ਼ਾਦਿਆਂ ਦੀ ਇਸ ਲਾਸਾਨੀ ਸ਼ਹਾਦਤ ਨੇ ਖਾਲਸਾ ਰਾਜ ਦੀ ਨੀਂਹ ਰੱਖੀ, ਜਿਸ ਨੂੰ ਸਤਿਗੁਰੂ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੋਂ ਥਾਪੜਾ ਲੈ ਕੇ ਬਾਬਾ ਬੰਦਾ ਸਿੰਘ ਬਹਾਦਰ ਜੀ ਨੇ ਸਰਹੰਦ ਦੀ ਇੱਟ ਨਾਲ ਇੱਟ ਖੜ੍ਹਕਾ ਦਿੱਤੀ ਤੇ ਖ਼ਾਲਸਾ ਰਾਜ ਕਾਇਮ ਕੀਤਾ।

ਇਸ ਸਮਾਗਮ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਧੀਕ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਮੈਨੇਜਰ ਸ. ਜਰਨੈਲ ਸਿੰਘ, ਜਥੇ. ਪਰਮਿੰਦਰ ਸਿੰਘ ਖਾਲਸਾ, ਭਾਈ ਗੁਰਪ੍ਰੀਤ ਸਿੰਘ ਕਥਾਵਾਚਕ, ਭਾਈ ਹਰਵਿੰਦਰ ਸਿੰਘ ਪ੍ਰਚਾਰਕ, ਜਥੇ. ਗੁਰਜੰਟ ਸਿੰਘ ਸੰਧੂ ਚੇਅਰਮੈਨ, ਸ. ਸਰਬਜੀਤ ਸਿੰਘ ਧੂੰਦਾ ਐਡੀਸ਼ਨਲ ਮੈਨੇਜਰ, ਸ. ਦਿਲਬਾਗ ਸਿੰਘ ਗਿੱਲ, ਜਥੇ. ਗੁਰਦਿਆਲ ਸਿੰਘ ਖਾਲਸਾ, ਜਥੇ. ਦਲੀਪ ਸਿੰਘ ਆਦਿ ਸਮੇਤ ਸੰਗਤਾਂ ਨੇ ਹਾਜ਼ਰ ਹੋ ਕੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ।

# ਪਿੰਡ ਸੁਲਤਾਨਵਿੰਡ ਦੇ ਪੱਤੀ ਦਾਦੂ ਜੱਲ੍ਹਾ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਬੱਚਿਆਂ ਦਾ ਗੁਰਮਤਿ ਕੈਂਪ



ਅੰਮ੍ਰਿਤਸਰ- ਧਰਮ ਪ੍ਰਚਾਰ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਹਰਜਾਪ ਸਿੰਘ ਸੁਲਤਾਨਵਿੰਡ ਦੇ ਵਿਸ਼ੇਸ਼ ਜਤਨ ਨਾਲ ਸੁਲਤਾਨਵਿੰਡ ਪਿੰਡ ਦੇ ਪੱਤੀ ਦਾਦੂ ਜੱਲ੍ਹਾ ਵਿਖੇ ਬੱਚਿਆਂ ਦਾ ਗੁਰਮਤਿ ਕੈਂਪ ਲਗਾਇਆ ਗਿਆ। ਪਿਛਲੇ ਡੇਢ ਮਹੀਨੇ ਤੋਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ ਵੱਲੋਂ ਬੱਚਿਆਂ ਨੂੰ ਸਿੱਖ ਇਤਿਹਾਸ ਤੇ ਗੁਰਮਤਿ ਸਿਧਾਤਾਂ ਬਾਰੇ ਜਾਣਕਾਰੀ ਦਿੱਤੀ ਗਈ।

ਕੈਂਪ ਦੀ ਸਮਾਪਤੀ ਸਮੇਂ ਕਰਵਾਏ ਗਏ ਸਮਾਗਮ ਸਮੇਂ ਬੋਲਦਿਆਂ ਸ਼੍ਰੋਮਣੀ ਕਮੇਟੀ ਮੈਂਬਰ ਸ. ਹਰਜਾਪ ਸਿੰਘ ਨੇ ਕਿਹਾ ਕਿ ਬੱਚੇ ਕੌਮ ਦਾ ਭਵਿੱਖ ਹਨ। ਇਸ ਲਈ ਜਰੂਰੀ ਹੈ ਕਿ ਬੱਚਿਆਂ ਨੂੰ ਆਪਣੇ ਅਮੀਰ ਵਿਰਸੇ ਤੋਂ ਜਾਣੂ ਕਰਵਾਇਆ ਜਾਵੇ। ਇਸੇ ਲਈ ਧਰਮ ਪ੍ਰਚਾਰ ਕਮੇਟੀ ਵੱਲੋਂ ਇਹ ਕੈਂਪ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਹਲਕੇ ਵਿਚ ਅਜਿਹੇ ਹੋਰ ਵੀ ਕੈਂਪ ਲਗਾਏ ਜਾਣਗੇ। ਉਨ੍ਹਾਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਦਾ ਧੰਨਵਾਦ ਵੀ ਕੀਤਾ। ਇਸ ਕੈਂਪ ਵਿਚ 70 ਦੇ ਕਰੀਬ ਬੱਚਿਆਂ ਨੇ ਸ਼ਮੂਲੀਅਤ ਕੀਤੀ ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ ਅਤੇ ਸਨਮਾਨ ਪੱਤਰ ਵੰਡੇ ਗਏ। ਇਸ ਕੈਂਪ ਵਿਚ ਪ੍ਰਚਾਰਕ ਭਾਈ ਅਮਰ ਸਿੰਘ, ਬੀਬੀ ਅਮਨਦੀਪ ਕੌਰ ਤੇ ਹੋਰਾਂ ਵੱਲੋਂ ਸੇਵਾਵਾਂ ਨਿਭਾਈਆਂ ਗਈਆਂ।



5 ਦਸੰਬਰ ਨੂੰ ਗੁਰਦੁਆਰਾ ਸਾਹਿਬ ਪਾ: ਛੇਵੀਂ ਬਹਿਰਾਮਪੁਰ (ਗੁਰਦਾਸਪੁਰ) ਵਿਖੇ ਸਕੂਲੀ ਬੱਚਿਆਂ ਦੇ ਕਰਵਾਏ ਗਏ ਧਾਰਮਿਕ ਮੁਕਾਬਲਿਆਂ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਤੇ ਹੋਰ।



ਗੁਰਦੁਆਰਾ ਸਿੰਘ ਸਭਾ ਦਦਵਾ ਬਹਿਰਾਮਪੁਰ (ਗੁਰਦਾਸਪੁਰ) ਵਿਖੇ ਕਰਵਾਏ ਗਏ ਦਸਤਾਰ ਮੁਕਾਬਲੇ ਵਿਚ ਭਾਗ ਲੈਣ ਵਾਲੇ ਬੱਚਿਆਂ ਨਾਲ ਪ੍ਰਚਾਰਕ ਭਾਈ ਜਗਦੇਵ ਸਿੰਘ ਤੇ ਭਾਈ ਬਲਬੀਰ ਸਿੰਘ।



ਪਿੰਡ ਲਸ਼ਕਰੀ ਨੰਗਲ (ਅੰਮ੍ਰਿਤਸਰ) ਵਿਖੇ ਬੱਚਿਆਂ ਦੇ ਲਗਾਏ ਗਏ ਗੁਰਮਤਿ ਸਿਖਲਾਈ ਕੈਂਪ ਸਮੇਂ ਬੱਚਿਆਂ ਨੂੰ ਮੈਡਲ ਤੇ ਪਰਮਾਣ ਪੱਤਰ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ।



ਹਲਕਾ ਕਾਲਾ ਅਫਗਾਨਾ ਵਿਖੇ 'ਸਿੱਖੀ ਸਰੂਪ ਮੇਰਾ ਅਸਲੀ ਰੂਪ' ਦੇ 13ਵੇਂ ਪੜਾਅ ਦੇ ਸਮਾਗਮ ਵਿਚ 270 ਬੀਬੀਆਂ ਨੂੰ ਸਨਮਾਨਿਤ ਕਰਨ ਸਮੇਂ ਜਥੇ. ਸੱਜਣ ਸਿੰਘ ਬੱਜੂਮਾਨ ਅਤੇ ਹੋਰ।



ਬਾਬਾ ਬੁੱਢਾ ਜੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ (ਤਰਨਤਾਰਨ) ਵਿਖੇ ਬੱਚਿਆਂ ਨੂੰ ਗੁਰਮਤਿ ਦੀ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ।



ਪਠਾਨਕੋਟ ਦੇ ਪਿੰਡ ਜੈਨਪੁਰ ਦੇ ਸਕੂਲ ਵਿਖੇ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਬਾਰੇ ਜਾਣਕਾਰੀ ਦਿੰਦੇ ਹੋਏ ਪ੍ਰਚਾਰਕ ਭਾਈ ਅਮਰੀਕ ਸਿੰਘ, ਭਾਈ ਜਗਦੇਵ ਸਿੰਘ ਤੇ ਹੋਰ।



ਸ੍ਰੀ ਗੁਰੂ ਨਾਨਕ ਸਾਹਿਬ ਪਬਲਿਕ ਸਕੂਲ ਚਮਿਆਰੀ (ਅੰਮ੍ਰਿਤਸਰ) ਵਿਖੇ ਬੱਚਿਆਂ ਨੂੰ ਸਿੱਖੀ ਸਿਧਾਂਤਾਂ ਬਾਰੇ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ।



ਪਿੰਡ ਮਹਿਮਾ ਸੂਰਜਾ ਵਿਖੇ ਸ਼ਾਮ ਦੇ ਸਮੇਂ ਬੱਚਿਆਂ ਦੀ ਗੁਰਮਤਿ ਕਲਾਸ ਦੌਰਾਨ ਗੁਰਮਤਿ ਸਿੱਖਿਆ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਅੰਮ੍ਰਿਤਪਾਲ ਸਿੰਘ ਚੈਨੇਵਾਲੀਆ ਤੇ ਭਾਈ ਗੁਰਦੇਵ ਸਿੰਘ।



22 ਦਸੰਬਰ ਨੂੰ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਝੰਗੀ ਪੰਨਵਾਂ ਦੇ ਗੁਰਦੁਆਰਾ ਸਾਹਿਬ ਵਿਖੇ 20 ਪ੍ਰਾਣੀਆਂ ਨੂੰ ਸਹਿਜ ਪਾਠ ਆਰੰਭ ਕਰਵਾਉਣ ਸਮੇਂ ਪ੍ਰਚਾਰਕ ਸਾਹਿਬਾਨ।



ਪਿੰਡ ਮੰਡਿਆਲਾ ਹਲਕਾ ਨਕੋਦਰ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਕਰਵਾਏ ਗਏ ਗੁਰਬਾਣੀ ਕੰਠ ਮੁਕਬਾਲੇ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਪ੍ਰਚਾਰਕ ਸਾਹਿਬਾਨ।



ਗੁਰਦੁਆਰਾ ਸਾਹਿਬ ਸ਼ਹੀਦਾਂ ਸਿੰਘਾਂ ਮਾਹਿਲਪੁਰ (ਹੁਸ਼ਿਆਰਪੁਰ) ਵਿਖੇ ਲਗਾਏ ਗਏ ਗੁਰਮਤਿ ਸਿਖਲਾਈ ਕੈਂਪ ਸਮੇਂ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਬਾਰੇ ਦੱਸਦੇ ਹੋਏ ਪ੍ਰਚਾਰਕ ਸਾਹਿਬ।



ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਪ੍ਰਾਗਦਾਸ ਚੌਂਕ, ਸ੍ਰੀ ਅੰਮ੍ਰਿਤਸਰ ਵਿਖੇ ਸਾਹਿਬਜ਼ਾਦਿਆਂ ਦਾ ਇਤਿਹਾਸ ਸਰਵਣ ਕਰਵਾਉਂਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ।

# ਪਿੰਡ ਚੰਦੂਮਾਜਰਾ ਵਿਖੇ ਪਹਿਲੇ ਪਾਤਸ਼ਾਹ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ 15ਵਾਂ ਗੁਰਮਤਿ ਸਮਾਗਮ



ਰਾਜਪੁਰਾ- ਇਥੋਂ ਨੇੜਲੇ ਪਿੰਡ ਚੰਦੂਮਾਜਰਾ ਦੇ ਗੁਰਦੁਆਰਾ ਸਾਹਿਬ ਵਿਖੇ ਕਮੇਟੀ ਪ੍ਰਧਾਨ ਹਰਭਜਨ ਸਿੰਘ ਅਤੇ ਮੀਤ ਪ੍ਰਧਾਨ ਸ. ਤਰਲੋਚਨ ਸਿੰਘ ਦੀ ਸਾਂਝੀ ਅਗਵਾਈ ਹੇਠ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਸਦਕਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ 4 ਦਿਨਾਂ 15ਵਾਂ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿਚ ਪੰਥ ਦੀਆਂ ਪ੍ਰਮੁੱਖ ਸ਼ਖਸੀਅਤਾਂ ਗਿਆਨੀ ਹਰਪਾਲ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ, ਕਥਾਵਾਚਕ ਗਿਆਨੀ ਧਰਮਵੀਰ ਸਿੰਘ ਲੁਧਿਆਣਾ, ਡਾ. ਸਰਬਜੀਤ ਸਿੰਘ, ਰਾਗੀ ਭਾਈ ਬਲਵਿੰਦਰ ਸਿੰਘ ਚੰਦੂਮਾਜਰਾ, ਭਾਈ ਪ੍ਰਭਜੀਤ ਸਿੰਘ ਕਥਾਵਾਚਕ, ਭਾਈ ਚਰਨਜੀਤ ਸਿੰਘ ਭੇਡਵਾਲ ਤੇ ਭਾਈ ਬਲਦੇਵ ਸਿੰਘ ਓਗਰਾ ਨੇ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਤੇ ਕੀਰਤਨ ਰਾਹੀਂ ਨਿਹਾਲ ਕੀਤਾ।

ਇਸ ਸਮਾਗਮ ਵਿਚ ਵਿਸ਼ੇਸ਼ ਤੌਰ 'ਤੇ ਪਹੁੰਚੇ ਐਮ.ਪੀ. ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਸਮੂਹ ਪਿੰਡ ਵਾਸੀਆਂ ਅਤੇ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਨੂੰ ਸਭ ਨੂੰ ਇਕਜੁੱਟ ਹੋ ਕੇ ਧਾਰਮਿਕ ਪ੍ਰੋਗਰਾਮ ਕਰਵਾਉਣੇ ਚਾਹੀਦੇ ਹਨ।



# ਨੌਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਪੁਰਬ ਸਬੰਧੀ ਅਲੌਕਿਕ ਨਗਰ ਕੀਰਤਨ ਸਜਾਇਆ

ਅੰਮ੍ਰਿਤਸਰ, 11 ਦਸੰਬਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰਦੁਆਰਾ ਗੁਰੂ ਕੇ ਮਹਿਲ ਤੱਕ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਗਏ ਇਸ ਨਗਰ ਕੀਰਤਨ ਦੀ ਆਰੰਭਤਾ ਮੌਕੇ ਅਰਦਾਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਫੁੱਲਾਂ ਨਾਲ ਸਜੀ ਸੁਨਹਿਰੀ ਪਾਲਕੀ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੁਸ਼ੋਭਿਤ ਕੀਤਾ। ਨਗਰ ਕੀਰਤਨ ਵਿਚ ਵੱਖ-ਵੱਖ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਅਤੇ ਸੰਗਤਾਂ ਵੱਲੋਂ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ ਗਈ, ਜਦਕਿ ਵੱਖ-ਵੱਖ ਥਾਵਾਂ 'ਤੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਹੋਇਆ। ਸਕੂਲੀ ਵਿਦਿਆਰਥੀਆਂ ਦੇ ਬੈਂਡ ਅਤੇ ਗਤਕਾ ਪਾਰਟੀਆਂ ਵੱਲੋਂ ਸਿੱਖ ਸ਼ਸਤਰ ਕਲਾ ਦੇ ਬਾਖ਼ੂਬੀ ਜੌਹਰ ਵੀ ਖਿੱਚ ਦਾ ਕੇਂਦਰ ਬਣੇ।

ਨਗਰ ਕੀਰਤਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਣ ਮਗਰੋਂ ਚੌਂਕ ਪਰਾਗਦਾਸ, ਚੌਂਕ ਬਾਬਾ ਸਾਹਿਬ, ਚੌਂਕ ਕਰੋੜੀ, ਬਾਬਾ ਦੀਪ ਸਿੰਘ ਕਲੋਨੀ, ਚੌਂਕ ਮੋਨੀ, ਚੌਂਕ ਜੈ ਸਿੰਘ, ਬਜ਼ਾਰ ਲੁਹਾਰਾਂ, ਚੌਂਕ ਲਛਮਣਸਰ, ਦਾਲ ਮੰਡੀ, ਚੌਂਕ ਭਾਈ ਮਤੀ ਦਾਸ, ਬਜ਼ਾਰ ਬਾਂਸਾਂ ਵਾਲਾ, ਬਜ਼ਾਰ ਪਾਪੜਾਂ, ਬਜ਼ਾਰ ਕਾਠੀਆਂ, ਦਰਸ਼ਨੀ ਡਿਉੜੀ ਅਤੇ ਗੁਰੂ ਬਜ਼ਾਰ ਤੋਂ ਹੁੰਦਾ ਹੋਇਆ ਇਤਿਹਾਸਕ ਗੁਰਦੁਆਰਾ ਸਾਹਿਬ ਗੁਰੂ ਕੇ ਮਹਿਲ ਵਿਖੇ ਸੰਪੂਰਨ ਹੋਇਆ।

ਨਗਰ ਕੀਰਤਨ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸ਼ਹਿਰ ਦੀਆਂ ਸੰਗਤਾਂ, ਵੱਖ-ਵੱਖ ਵਿਦਿਅਕ ਅਦਾਰਿਆਂ ਦੇ ਨੁਮਾਇੰਦਿਆਂ ਅਤੇ ਵਿਦਿਆਰਥੀਆਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਸ. ਬਿਜੈ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਸ. ਸੁਲੱਖਣ ਸਿੰਘ ਭੰਗਾਲੀ, ਸ. ਕਰਮਬੀਰ ਸਿੰਘ ਕਿਆਮਪੁਰ, ਸ. ਪ੍ਰੀਤਪਾਲ ਸਿੰਘ ਐਲ.ਏ., ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ ਤੇ ਸ. ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਸ. ਨਿਰਮਲ ਸਿੰਘ, ਸ. ਗੁਰਮੀਤ ਸਿੰਘ, ਸ. ਗੁਰਚਰਨ ਸਿੰਘ ਕੁਹਾਲਾ, ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਇਕਬਾਲ ਸਿੰਘ ਮੁਖੀ, ਸ. ਸੁਖਬੀਰ ਸਿੰਘ, ਸ. ਲਖਬੀਰ ਸਿੰਘ, ਸ. ਦਰਸ਼ਨ ਸਿੰਘ ਥੰਮਣਗੜ੍ਹ, ਸ. ਸੁਖਰਾਜ ਸਿੰਘ, ਸ. ਬਘੇਲ ਸਿੰਘ, ਸ. ਨਰਿੰਦਰ ਸਿੰਘ ਮਥਰੇਵਾਲ, ਸ. ਪਰਮਜੀਤ ਸਿੰਘ, ਸ. ਸਤਨਾਮ ਸਿੰਘ ਮਾਂਗਾਸਰਾਏ ਆਦਿ ਮੌਜੂਦ ਸਨ।

# 'ਸਿੱਖ ਵਿਰਸਾ ਸੰਭਾਲ ਲਹਿਰ' ਤਹਿਤ ਕਰਵਾਇਆ ਅੰਮ੍ਰਿਤ ਸੰਚਾਰ ਸਮਾਗਮ



ਧਾਰੀਵਾਲ- ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ 'ਸਿੱਖ ਵਿਰਸਾ ਸੰਭਾਲ ਲਹਿਰ' ਅਤੇ 'ਅੰਮ੍ਰਿਤ ਛਕੋ ਸਿੰਘ ਸਜੋ' ਲਹਿਰ ਤਹਿਤ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਜਾਪੂਵਾਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਧਾਰਮਿਕ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ ਗਏ। ਜਿਸ ਵਿਚ ਕਥਾਵਾਚਕ, ਰਾਗੀ, ਢਾਡੀ ਤੇ ਕਵੀਸ਼ਰੀ ਜੱਥਿਆਂ ਵੱਲੋਂ ਗੁਰ-ਇਤਿਹਾਸ ਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤ ਨੂੰ ਨਿਹਾਲ ਕੀਤਾ ਗਿਆ।

ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਜਾਪੂਵਾਲ ਵਿਖੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਪਹੁੰਚੇ ਪੰਜ ਪਿਆਰਿਆਂ ਵੱਲੋਂ ਅੰਮ੍ਰਿਤ ਸੰਚਾਰ ਕਰਵਾਇਆ ਗਿਆ, ਜਿਸ ਵਿਚ 27 ਪ੍ਰਾਣੀ ਖੰਡੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੇ। ਅੰਮ੍ਰਿਤ-ਅਭਿਲਾਖੀਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਕਕਾਰ ਵੰਡੇ ਗਏ।

ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਜਸਬੀਰ ਕੌਰ ਜਫਰਵਾਲ, ਸਾਬਕਾ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇ. ਰਤਨ ਸਿੰਘ ਜਫਰਵਾਲ, ਪ੍ਰਧਾਨ ਸ. ਜਸਵੰਤ ਸਿੰਘ ਸੋਹਲ, ਮੈਨੇਜਰ ਸ. ਵਿਕਰਮਜੀਤ ਸਿੰਘ, ਸਹਾਇਕ ਮੈਨੇਜਰ ਸ. ਚੈਂਚਲ ਸਿੰਘ, ਪ੍ਰਚਾਰਕ ਸ. ਗੁਰਮੇਜ ਸਿੰਘ, ਪ੍ਰਚਾਰਕ ਬੀਬੀ ਗੁਰਵਿੰਦਰ ਸਿੰਘ ਵੜੈਚ, ਸ. ਅਮਰੀਕ ਸਿੰਘ ਲੇਹਲ, ਸ. ਮਨਜੀਤ ਸਿੰਘ ਬੰਦਿਆਵਾਲ ਆਦਿ ਹਾਜ਼ਰ ਸਨ।

**ਕਿਰਤ ਕਰੋ**
**ਨਾਮ ਜਪੋ**
**ਵੰਡ ਛਕੋ**



ਗੁਰਦੁਆਰਾ ਚੁਬਾਰਾ ਸਾਹਿਬ ਪਿੰਡ ਛੀਂਟੀਵਾਲ ਵਿਖੇ ਗੁਰਮਤਿ ਸਮਾਗਮ ਦੌਰਾਨ ਸੰਗਤਾਂ ਨਾਲ ਵਿਚਾਰ ਸਾਂਝੇ ਕਰਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ।

# ਗੁਰ ਅਸਥਾਨਾਂ ਦੇ ਦਰਸ਼ਨਾਂ ਲਈ ਭੋਪਾਲ ਤੋਂ ਪੁੱਜਾ ਸਿਕਲੀਗਰ ਸਿੱਖਾਂ ਦਾ ਜਥਾ

## ਸ਼੍ਰੋਮਣੀ ਕਮੇਟੀ ਨੇ ਗੁਰੂ-ਘਰਾਂ ਦੀ ਯਾਤਰਾ ਲਈ ਮੁਹੱਈਆ ਕਰਵਾਏ ਸਾਧਨ



ਅੰਮ੍ਰਿਤਸਰ, 24 ਦਸੰਬਰ- ਮੱਧ ਪ੍ਰਦੇਸ਼ 'ਚ ਪੈਂਦੇ ਭੋਪਾਲ ਤੋਂ ਸਿਕਲੀਗਰ ਅਤੇ ਵਣਜਾਰੇ ਸਿੱਖਾਂ ਦੇ ਦੋ ਸੌ ਮੈਂਬਰਾਂ ਦੇ ਇਕ ਜਥੇ ਨੂੰ ਸ੍ਰੀ ਅੰਮ੍ਰਿਤਸਰ ਪੁੱਜਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜਾਬ ਅਤੇ ਹਰਿਆਣਾ ਵਿਚ ਪੈਂਦੇ ਵੱਖ-ਵੱਖ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਕਰਵਾਉਣ ਲਈ ਰਵਾਨਾ ਕੀਤਾ ਗਿਆ। ਗਿਆਨੀ ਦਲੀਪ ਸਿੰਘ ਦੀ ਅਗਵਾਈ ਵਿਚ ਇਥੇ ਪਹੁੰਚੇ ਇਨ੍ਹਾਂ ਸਿਕਲੀਗਰ ਅਤੇ ਵਣਜਾਰੇ ਸਿੱਖਾਂ ਨੂੰ ਸਥਾਨਕ ਭਾਈ ਗੁਰਦਾਸ ਹਾਲ ਤੋਂ ਸ਼੍ਰੋਮਣੀ ਕਮੇਟੀ ਵੱਲੋਂ ਪੰਜ ਬੱਸਾਂ ਰਾਹੀਂ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਰਵਾਨਾ ਕੀਤਾ। ਸ. ਜੌੜਾਸਿੰਘਾ ਨੇ ਦੱਸਿਆ ਕਿ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਸ਼੍ਰੋਮਣੀ ਕਮੇਟੀ ਸਿਕਲੀਗਰ ਸਿੱਖ ਭਾਈਚਾਰੇ ਦੀ ਮੱਦਦ ਲਈ ਵਚਨਬਧ ਹੈ ਅਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਿਕਲੀਗਰ ਅਤੇ ਵਣਜਾਰੇ ਸਿੱਖਾਂ ਨੂੰ ਸਿੱਖ ਵਿਰਸੇ ਅਤੇ ਕਦਰਾਂ-ਕੀਮਤਾਂ ਨਾਲ ਜੋੜੀ ਰੱਖਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਸਮੇਂ-ਸਮੇਂ ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਇਲਾਵਾ ਪੰਜਾਬ 'ਚ ਪੈਂਦੇ ਗੁਰ-ਅਸਥਾਨਾਂ ਦੇ ਦਰਸ਼ਨ ਕਰਵਾਏ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਇਸ ਯਾਤਰਾ ਲਈ ਸ਼੍ਰੋਮਣੀ ਕਮੇਟੀ ਵੱਲੋਂ ਸਿਕਲੀਗਰ ਸਿੱਖਾਂ ਦੇ ਜਥੇ ਲਈ ਟਰੇਨ ਦੀਆਂ ਟਿਕਟਾਂ ਦਾ ਪ੍ਰਬੰਧ ਕਰਨ ਦੇ ਨਾਲ-ਨਾਲ ਸਥਾਨਕ ਪੱਧਰ 'ਤੇ ਗੁਰਧਾਮਾਂ ਦੇ ਦਰਸ਼ਨਾਂ ਸਮੇਂ ਬੱਸਾਂ ਵੀ ਮੁਹੱਈਆ ਕਰਵਾਈਆਂ ਜਾਂਦੀਆਂ ਹਨ।

ਉਨ੍ਹਾਂ ਦੱਸਿਆ ਕਿ ਇਸ ਵਾਰ ਪੁੱਜੇ ਜਥੇ ਵਿਚ ਦੋ ਸੌ ਤੋਂ ਵੱਧ ਸੰਗਤਾਂ ਸ਼ਾਮਲ ਹਨ, ਜਿਨ੍ਹਾਂ ਨੂੰ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਤੋਂ ਸ੍ਰੀ ਗੋਇੰਦਵਾਲ ਸਿੰਘ, ਸ੍ਰੀ ਤਰਨ ਤਾਰਨ ਸਾਹਿਬ, ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਫ਼ਤਹਿਗੜ੍ਹ ਸਾਹਿਬ, ਗੁਰਦੁਆਰਾ ਨਾਢਾ ਸਾਹਿਬ ਪੰਜਕੂਲਾ (ਹਰਿਆਣਾ) ਅਤੇ ਗੁਰਦੁਆਰਾ ਸ੍ਰੀ ਪੰਜੋਖਰਾ ਸਾਹਿਬ (ਹਰਿਆਣਾ) ਦੇ ਦਰਸ਼ਨ ਕਰਵਾਏ ਜਾਣਗੇ। ਇਸ ਦੌਰਾਨ ਸਿਕਲੀਗਰ ਸਿੱਖ ਜਥੇ ਦੇ ਆਗੂਆਂ ਨੇ ਗੁਰ-ਅਸਥਾਨਾਂ ਦੇ ਦਰਸ਼ਨਾਂ ਲਈ ਦਿੱਤੇ ਸਹਿਯੋਗ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਧੰਨਵਾਦ ਕੀਤਾ।

ਇਸ ਮੌਕੇ ਜਥੇ ਨਾਲ ਪਹੁੰਚੇ ਸ. ਹਰਵਿੰਦਰ ਸਿੰਘ, ਸ. ਕਿਰਪਾਲ ਸਿੰਘ, ਸ. ਜੋਗਿੰਦਰ ਸਿੰਘ, ਬੀਬੀ ਅਮਰਜੀਤ ਕੌਰ, ਬੀਬੀ ਜਸਬੀਰ ਕੌਰ, ਬੀਬੀ ਹਰਕੀਰਤ ਕੌਰ ਤੋਂ ਇਲਾਵਾ ਸ. ਰੇਸ਼ਮ ਸਿੰਘ ਜੌੜਾ ਅਤੇ ਮੌਜੂਦ ਸਨ।




ਸਿੱਖ ਮਿਸ਼ਨ ਹਰਿਆਣਾ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਅੰਬਾਲਾ ਵਿਖੇ ਬੱਚਿਆਂ ਦੇ ਗੱਤਕਾ ਮੁਕਾਬਲੇ ਸ਼ੁਰੂ ਕਰਵਾਉਂਦੇ ਹੋਏ ਵਧੀਕ ਸਕੱਤਰ ਡਾ. ਪਰਮਜੀਤ ਸਿੰਘ ਸਰੋਆ ਤੇ ਹੋਰ।

# ਸ਼੍ਰੋਮਣੀ ਕਮੇਟੀ ਦੇ ਗੁਰੂ ਨਾਨਕ ਖਾਲਸਾ ਕਾਲਜ (ਮੁੰਬਈ) ਨੂੰ ਮਿਲਿਆ ਖ਼ੁਦ-ਮੁਖ਼ਤਿਆਰ ਦਰਜਾ

ਅੰਮ੍ਰਿਤਸਰ, 18 ਦਸੰਬਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਮੁੰਬਈ ਵਿਖੇ ਚੱਲ ਰਿਹਾ ਨਾਮਵਰ ਵਿਦਿਅਕ ਅਦਾਰਾ ਗੁਰੂ ਨਾਨਕ ਖਾਲਸਾ ਕਾਲਜ ਆਫ ਆਰਟਸ, ਸਾਇੰਸ ਐਂਡ ਕਾਮਰਸ ਹੁਣ ਖ਼ੁਦ-ਮੁਖ਼ਤਿਆਰ ਸੰਸਥਾ ਬਣ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਹਾਲ ਹੀ ਵਿਚ ਯੂਨੀਵਰਸਿਟੀ ਗਰਾਂਟਸ ਕਮਿਸ਼ਨ ਵੱਲੋਂ ਕਾਲਜ ਨੂੰ ਦਸ ਸਾਲ ਲਈ ਖ਼ੁਦ-ਮੁਖ਼ਤਿਆਰ ਦਾ ਦਰਜਾ ਦੇਣ ਦੀ ਘੋਸ਼ਣਾ ਕੀਤੀ ਗਈ ਹੈ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੀ ਸੰਸਥਾ ਨੂੰ ਇਹ ਮਾਣ ਮਿਲਣ 'ਤੇ ਕਾਲਜ ਕਮੇਟੀ ਦੇ ਚੇਅਰਮੈਨ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਕਾਲਜ ਕਮੇਟੀ ਦੇ ਵਾਈਸ ਚੇਅਰਮੈਨ ਸ. ਗੁਰਿੰਦਰ ਸਿੰਘ ਬਾਵਾ, ਸ. ਭੁਪਿੰਦਰ ਸਿੰਘ ਮਿਨਹਾਸ ਅਤੇ ਕਾਲਜ ਦੇ ਸਟਾਫ ਨੂੰ ਵਧਾਈ ਦਿੱਤੀ ਹੈ। ਡਾ. ਰੂਪ ਸਿੰਘ ਮੁਤਾਬਕ ਸ਼੍ਰੋਮਣੀ ਕਮੇਟੀ ਵੱਲੋਂ ਇਤਿਹਾਸਕ ਗੁਰਦੁਆਰਾ ਸਾਹਿਬਾਨ ਦਾ ਪੰਥਕ ਮਰਯਾਦਾ ਅਨੁਸਾਰ ਪ੍ਰਬੰਧ ਕਰਨ ਦੇ ਨਾਲ ਨਾਲ ਵਿਦਿਅਕ ਖੇਤਰ ਵਿਚ ਵੀ ਨਿਰੰਤਰ ਵੱਡੀਆਂ ਉਪਲਬਧੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਸ਼੍ਰੋਮਣੀ ਕਮੇਟੀ ਦੀਆਂ ਵਿਦਿਅਕ ਸੰਸਥਾਵਾਂ ਆਪਣੇ ਮੰਤਵ ਅਨੁਸਾਰ ਮਿਆਰੀ ਵਿਦਿਆ ਦੇਣ ਦੀ ਵਚਨਬੱਧਤਾ ਨਿਭਾਅ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਗੁਰੂ ਨਾਨਕ ਕਾਲਜ ਮੁੰਬਈ ਨੂੰ ਖ਼ੁਦ-ਮੁਖ਼ਤਿਆਰ ਸੰਸਥਾ ਦਾ ਦਰਜਾ ਮਿਲਣਾ ਸ਼੍ਰੋਮਣੀ ਕਮੇਟੀ ਲਈ ਵੱਡੇ ਮਾਣ ਦੀ ਗੱਲ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਇਹ ਕਾਲਜ ਨੈਕ (ਐਨ.ਏ.ਏ.ਸੀ.) ਦੁਆਰਾ 'ਏ' ਗਰੇਡ ਨਾਲ ਵੀ ਮਾਨਤਾ ਪ੍ਰਾਪਤ ਹੈ। ਮੁੱਖ ਸਕੱਤਰ ਨੇ ਦੱਸਿਆ ਕਿ ਸੰਨ 1937 ਵਿਚ ਸਥਾਪਿਤ ਕੀਤਾ ਗਿਆ ਇਹ ਕਾਲਜ ਸ਼੍ਰੋਮਣੀ ਕਮੇਟੀ ਦਾ ਸਭ ਤੋਂ ਪੁਰਾਣਾ ਪੰਜਾਬ ਤੋਂ ਬਾਹਰਲਾ ਕਾਲਜ ਹੈ, ਜਿਸ ਵਿਚ ਦਾਖ਼ਲਾ ਪ੍ਰਾਪਤ ਕਰਨ ਲਈ ਲੰਮੀਆਂ ਕਤਾਰਾਂ ਲੱਗਦੀਆਂ ਹਨ। ਉਨ੍ਹਾਂ ਦੱਸਿਆ ਕਿ ਕਾਲਜ ਵਿਚ 7 ਹਜ਼ਾਰ ਤੋਂ ਵੱਧ ਵਿਦਿਆਰਥੀ ਹਨ ਅਤੇ 27 ਤਰ੍ਹਾਂ ਦੇ ਪੋਸਟ ਗ੍ਰੈਜੂਏਸ਼ਨ ਕੋਰਸ ਚੱਲ ਰਹੇ ਹਨ। ਕਾਲਜ ਵੱਲੋਂ ਭਾਰਤ ਸਰਕਾਰ ਪਾਸੋਂ ਐਨ.ਐਸ.ਐਸ. ਲਈ ਮੁੰਬਈ ਯੂਨੀਵਰਸਿਟੀ ਵੱਲੋਂ ਕਈ ਵਾਰ ਸਨਮਨ ਹਾਸਲ ਕੀਤੇ ਜਾ ਚੁੱਕੇ ਹਨ। ਇਸ ਤੋਂ ਇਲਾਵਾ ਕਾਲਜ ਨੇ 2014 ਵਿਚ ਭਾਰਤ ਸਰਕਾਰ ਪਾਸੋਂ 82 ਲੱਖ ਰੁਪਏ ਦੀ ਐਫ.ਆਈ.ਐਸ.ਟੀ. ਗ੍ਰਾਂਟ ਅਤੇ 2015 ਵਿਚ 80 ਲੱਖ ਰੁਪਏ ਦੀ ਬਾਇਟੈਕਨੋਜੀ ਵਿਭਾਗ ਲਈ ਸਟਾਰ ਕਾਲਜ ਗ੍ਰਾਂਟ ਪ੍ਰਾਪਤ ਕੀਤੀ ਹੈ। ਮੁੱਖ ਸਕੱਤਰ ਨੇ ਕਿਹਾ ਕਿ ਕਾਲਜ ਦੀਆਂ ਖੇਡਾਂ ਦੇ ਖੇਤਰ ਵਿਚ ਵੀ ਵੱਡੀਆਂ ਪ੍ਰਾਪਤੀਆਂ ਕੀਤੀਆਂ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਜਲਦ ਹੀ ਇਹ ਕਾਲਜ ਯੂਨੀਵਰਸਿਟੀ ਦਾ ਦਰਜਾ ਵੀ ਪ੍ਰਾਪਤ ਕਰ ਲਵੇਗਾ। ਡਾ. ਰੂਪ ਸਿੰਘ ਅਨੁਸਾਰ ਮੁੰਬਈ ਦੇ ਇਸ ਕਾਲਜ ਨੂੰ ਖ਼ੁਦ-ਮੁਖ਼ਤਿਆਰ ਕਾਲਜ ਦਾ ਦਰਜਾ ਮਿਲਣ ਨਾਲ ਹੁਣ ਸ਼੍ਰੋਮਣੀ ਕਮੇਟੀ ਦੀਆਂ ਚਾਰ ਵਿਦਿਅਕ ਸੰਸਥਾਵਾਂ ਨੂੰ ਇਹ ਮਾਣ ਪ੍ਰਾਪਤ ਹੋ ਗਿਆ ਹੈ। ਇਸ ਤੋਂ ਪਹਿਲਾਂ ਖਾਲਸਾ ਕਾਲਜ ਪਟਿਆਲਾ, ਮਾਤਾ ਗੁਜਰੀ ਕਾਲਜ ਸ੍ਰੀ ਫਤਹਿਗੜ੍ਹ ਸਾਹਿਬ ਅਤੇ ਗੁਰੂ ਨਾਨਕ ਕਾਲਜ ਬੁਢਲਾਡਾ ਯੂਨੀਵਰਸਿਟੀ ਗਰਾਂਟਸ ਕਮਿਸ਼ਨ ਤਰਫੋਂ ਇਹ ਸਥਿਤੀ ਰੱਖਦੇ ਹਨ।

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 7 ਜਨਵਰੀ ਤੋਂ ਪੰਜਾਬ ਭਰ 'ਚ ਸਜਾਇਆ ਜਾਵੇਗਾ ਨਗਰ ਕੀਰਤਨ

## ਭਾਈ ਲੌਂਗੋਵਾਲ ਦੀ ਅਗਵਾਈ ਵਿਚ ਰੂਪ ਰੇਖਾ ਤੇ ਪ੍ਰਬੰਧਾਂ ਸਬੰਧੀ ਹੋਈ ਇਕੱਤਰਤਾ



ਸੁਲਤਾਨਪੁਰ ਲੋਧੀ, 21 ਦਸੰਬਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ 7 ਜਨਵਰੀ 2019 ਨੂੰ ਆਰੰਭ ਕੀਤੇ ਜਾਣ ਵਾਲੇ ਨਗਰ ਕੀਰਤਨ ਦੀਆਂ ਤਿਆਰੀਆਂ ਸਬੰਧੀ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਹੇਠ ਇਥੇ ਵਿਸ਼ੇਸ਼ ਇਕੱਤਰਤਾ ਕੀਤੀ ਗਈ। ਇਸ ਦੌਰਾਨ ਫੈਸਲਾ ਕੀਤਾ ਗਿਆ ਕਿ ਪੰਜਾਬ ਭਰ ਵਿਚ ਸਜਾਏ ਜਾਣ ਵਾਲੇ ਇਸ ਨਗਰ ਕੀਰਤਨ ਨੂੰ 'ਸ਼ਬਦ ਗੁਰੂ ਯਾਤਰਾ' ਵਜੋਂ ਸਜਾਇਆ ਜਾਵੇਗਾ, ਜੋ 7 ਜਨਵਰੀ ਨੂੰ ਆਰੰਭ ਹੋ ਕੇ ਸਾਰੇ ਪੰਜਾਬ ਦੇ ਸ਼ਹਿਰਾਂ, ਨਗਰਾਂ ਤੇ ਪਿੰਡਾਂ ਵਿੱਚੋਂ ਹੁੰਦਾ ਹੋਇਆ 17 ਅਪ੍ਰੈਲ 2019 ਨੂੰ ਵਾਪਸ ਗੁਰਦੁਆਰਾ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਹੀ ਸੰਪੂਰਣ ਹੋਵੇਗਾ।

ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪੰਜ ਸੌ ਪੰਜਾਹ ਸਾਲਾ ਪ੍ਰਕਾਸ਼ ਪੁਰਬ ਸਿੱਖ ਜਗਤ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤ ਵੱਲੋਂ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾ ਰਿਹਾ ਹੈ ਅਤੇ ਇਸੇ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਨੇ ਇਹ ਵਿਸ਼ਾਲ ਨਗਰ ਕੀਰਤਨ ਸਜਾਉਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸ ਨਗਰ ਕੀਰਤਨ ਦਾ ਮੰਤਵ ਸੰਗਤ ਅੰਦਰ ਪ੍ਰਕਾਸ਼ ਪੁਰਬ ਸਮਾਗਮਾਂ ਸਬੰਧੀ ਪ੍ਰੇਰਣਾ ਅਤੇ ਉਤਸ਼ਾਹ ਪੈਦਾ ਕਰਨਾ ਹੈ। ਉਨ੍ਹਾਂ ਜਾਣਕਾਰੀ ਦਿੱਤੀ ਕਿ ਇਹ ਨਗਰ ਕੀਰਤਨ ਆਪਣੇ ਆਪ ਵਿਚ ਅਲੌਕਿਕ ਹੋਵੇਗਾ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਨਗਰ ਕੀਰਤਨ ਦੌਰਾਨ ਗੁਰੂ ਸਾਹਿਬ ਦੇ ਇਤਿਹਾਸਕ ਸ਼ਸਤਰਾਂ, ਬਸਤਰਾਂ ਵਾਲੀ ਬੱਸ ਵੀ ਸ਼ਾਮਲ ਹੋਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਮੈਂਬਰਾਨ ਵੱਲੋਂ ਧਾਰਮਿਕ ਸਭਾ-ਸੁਸਾਇਟੀਆਂ, ਸਿੱਖ ਜਥੇਬੰਦੀਆਂ, ਵੱਖ-ਵੱਖ ਰਾਜਸੀ ਪਾਰਟੀਆਂ, ਸਮਾਜਿਕ ਆਗੂਆਂ ਅਤੇ ਸੰਗਤਾਂ ਨੂੰ ਪ੍ਰੇਰਣਾ ਕਰਨ ਲਈ ਰਾਬਤਾ ਬਣਾਇਆ ਜਾਵੇਗਾ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਇਸ ਇਤਿਹਾਸਕ ਨਗਰ ਕੀਰਤਨ ਵਿਚ ਸ਼ਾਮਲ ਹੋਣ ਅਤੇ ਆਪੋ-ਆਪਣੇ ਇਲਾਕੇ ਵਿਚ ਇਸ ਦਾ ਵੱਧ ਚੜ੍ਹ ਕੇ ਸਵਾਗਤ ਕਰਨ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਸੀਨੀਅਰ ਆਗੂ ਬੀਬੀ ਉਪਿੰਦਰਜੀਤ ਕੌਰ, ਸ. ਚਰਨਜੀਤ ਸਿੰਘ ਬਰਾੜ, ਅੰਤ੍ਰਿੰਗ ਮੈਂਬਰ ਸ. ਖ਼ੁਸ਼ਵਿੰਦਰ ਸਿੰਘ ਭਾਟੀਆ, ਸ. ਭੁਪਿੰਦਰ ਸਿੰਘ ਭਲਵਾਨ, ਸ. ਸ਼ਿੰਗਾਰਾ ਸਿੰਘ ਲੋਹੀਆਂ, ਸ. ਜਰਨੈਲ ਸਿੰਘ ਕਰਤਾਰਪੁਰ, ਮੈਂਬਰ ਸ. ਸਰਵਣ ਸਿੰਘ ਕੁਲਾਰ, ਬੀਬੀ ਗੁਰਪ੍ਰੀਤ ਕੌਰ ਰੂਹੀ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਰਣਜੀਤ ਸਿੰਘ ਕਾਹਲੋਂ, ਸ. ਸਤਵਿੰਦਰ ਸਿੰਘ ਟੌਹੜਾ, ਸ. ਸੁਖਵਰਸ਼ ਸਿੰਘ ਪੰਨੂੰ, ਭਾਈ ਅਜਾਇਬ ਸਿੰਘ ਅਭਿਆਸੀ, ਸ. ਕੁਲਵੰਤ ਸਿੰਘ ਮੰਨਣ, ਸ. ਪਰਮਜੀਤ ਸਿੰਘ ਖ਼ਾਲਸਾ ਬਰਨਾਲਾ, ਬੀਬੀ ਦਵਿੰਦਰ ਕੌਰ ਕਾਲੜਾ, ਸ. ਪਰਮਜੀਤ ਸਿੰਘ ਰਾਏਪੁਰ, ਸ. ਜਰਨੈਲ ਸਿੰਘ ਡੋਗਰਾਂ ਵਾਲਾ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਬਿਜੈ ਸਿੰਘ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਮੀਤ ਸਕੱਤਰ ਸ. ਕਰਮਬੀਰ ਸਿੰਘ ਕਿਆਮਪੁਰ, ਹੈੱਡ ਗ੍ਰੰਥੀ ਭਾਈ ਸੁਰਜੀਤ ਸਿੰਘ ਸਭਰਾ, ਸ. ਦਰਸ਼ਨ ਸਿੰਘ ਪੀ.ਏ., ਮੈਨੇਜਰ ਸ. ਜਰਨੈਲ ਸਿੰਘ, ਸ. ਜਸਬੀਰ ਸਿੰਘ ਜੱਸੀ ਲੌਂਗੋਵਾਲ ਆਦਿ ਮੌਜੂਦ ਸਨ।

# ਗੁਰਦੁਆਰਾ ਗੁਰੂ ਨਾਨਕ ਸੰਗਤ ਸਾਹਿਬ ਭਦਰੱਕ (ਉੜੀਸਾ) ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਸਮਾਗਮ

**19 ਜਨਵਰੀ ਨੂੰ ਗੁਰਦੁਆਰਾ ਬਾਉਲੀ ਸਾਹਿਬ ਜਗਨਨਾਥ ਪੁਰੀ ਤੋਂ ਗੁਰਦੁਆਰਾ ਗੁਰੂ ਨਾਨਕ ਦਾਤਣ ਸਾਹਿਬ ਕੱਟਕ ਤੱਕ ਸਜਾਇਆ ਜਾਵੇਗਾ ਵਿਸ਼ਾਲ ਨਗਰ ਕੀਰਤਨ**



ਅੰਮ੍ਰਿਤਸਰ, 31 ਦਸੰਬਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਵੱਖ-ਵੱਖ ਸੂਬਿਆਂ ਵਿਚ ਆਰੰਭੀ ਗਈ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ 19 ਤੇ 20 ਜਨਵਰੀ ਨੂੰ ਉੜੀਸਾ ਵਿਖੇ ਨਗਰ ਕੀਰਤਨ ਅਤੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਉੜੀਸਾ ਸਿੱਖ ਪ੍ਰਤੀਨਿਧ ਬੋਰਡ ਦੇ ਸਹਿਯੋਗ ਨਾਲ 19 ਜਨਵਰੀ ਨੂੰ ਗੁਰਦੁਆਰਾ ਬਾਉਲੀ ਸਾਹਿਬ ਜਗਨਨਾਥ ਪੁਰੀ ਤੋਂ ਇਕ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ, ਜੋ ਗੁਰਦੁਆਰਾ ਗੁਰੂ ਨਾਨਕ ਦਾਤਣ ਸਾਹਿਬ ਕੱਟਕ ਵਿਖੇ ਸੰਪੂਰਣ ਹੋਵੇਗਾ। ਇਸ ਤੋਂ ਇਲਾਵਾ 20 ਜਨਵਰੀ ਨੂੰ ਗੁਰਦੁਆਰਾ ਗੁਰੂ ਨਾਨਕ ਦਾਤਣ ਸਾਹਿਬ ਕੱਟਕ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਸਜਾਇਆ ਜਾਵੇਗਾ। ਸ. ਜੌੜਾਸਿੰਘਾ ਨੇ ਦੱਸਿਆ ਕਿ ਇਨ੍ਹਾਂ ਸਮਾਗਮਾਂ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੋਂ ਇਲਾਵਾ ਹੋਰ ਸਿੰਘ ਸਾਹਿਬਾਨ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਧਰਮ ਪ੍ਰਚਾਰ ਕਮੇਟੀ ਤੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸਾਹਿਬਾਨ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਨਗੇ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਸਿੱਖ ਕੌਮ ਦੇ ਪ੍ਰਸਿੱਧ ਰਾਗੀ ਜਥੇ ਅਤੇ ਕਥਾਵਾਚਕ ਸੰਗਤ ਨਾਲ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ। ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਅਨੁਸਾਰ ਇਨ੍ਹਾਂ ਸਮਾਗਮਾਂ ਦੇ ਮੱਦੇਨਜ਼ਰ ਉੜੀਸਾ ਦੇ ਵੱਖ-ਵੱਖ ਕਸਬਿਆਂ ਵਿਚ ਧਾਰਮਿਕ ਦੀਵਾਨਾਂ ਦੀ ਲੜੀ ਆਰੰਭੀ ਗਈ ਹੈ, ਜਿਸ ਦਾ ਪਹਿਲਾ ਸਮਾਗਮ ਉੜੀਸਾ ਦੇ ਭਦਰੱਕ ਵਿਖੇ ਸਥਿਤ ਗੁਰਦੁਆਰਾ ਗੁਰੂ ਨਾਨਕ ਸੰਗਤ ਸਾਹਿਬ ਤੋਂ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ 18 ਜਨਵਰੀ ਤੀਕ ਧਰਮ ਪ੍ਰਚਾਰ ਕਮੇਟੀ ਵੱਲੋਂ ਉੜੀਸਾ ਦੇ ਵੱਖ ਵੱਖ ਗੁਰੂ ਘਰਾਂ ਵਿਖੇ ਗੁਰਮਤਿ ਸਮਾਗਮ ਜਾਰੀ ਰਹਿਣਗੇ, ਤਾਂ ਜੋ ਵੱਧ ਤੋਂ ਵੱਧ ਸੰਗਤਾਂ ਨੂੰ ਮੁੱਖ ਸਮਾਗਮਾਂ ਵਿਚ ਸ਼ਾਮਲ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਸਾਰੇ ਸਮਾਗਮਾਂ ਦੀ ਸਫਲਤਾ ਲਈ ਉੜੀਸਾ ਵਿਖੇ ਪੁੱਜੇ ਸ਼੍ਰੋਮਣੀ ਕਮੇਟੀ ਦੇ ਮੁੱਖ ਪ੍ਰਚਾਰਕ ਭਾਈ ਜਗਦੇਵ ਸਿੰਘ, ਹਜ਼ੂਰੀ ਰਾਗੀ ਭਾਈ ਪਲਵਿੰਦਰ ਸਿੰਘ ਤੇ ਪ੍ਰਚਾਰਕ ਭਾਈ ਗੁਰਬਚਨ ਸਿੰਘ ਕਲਸੀਆਂ ਲਗਾਤਾਰ ਕਾਰਜਸ਼ੀਲ ਹਨ। ਇਸ ਤੋਂ ਇਲਾਵਾ ਉੜੀਸਾ ਸਿੱਖ ਪ੍ਰਤੀਨਿਧ ਬੋਰਡ ਦੇ ਪ੍ਰਧਾਨ ਸ. ਮਹਿੰਦਰ ਸਿੰਘ ਭੁਵਨੇਸ਼ਵਰ, ਸ. ਗੁਰਮੀਤ ਸਿੰਘ ਸਾਬਕਾ ਪ੍ਰਧਾਨ ਗੁਰਦੁਆਰਾ ਸਾਹਿਬ ਰੋੜਕਿਲ੍ਹਾ, ਸ. ਗੁਰਦੀਪ ਸਿੰਘ ਸਾਬਕਾ ਸਕੱਤਰ ਰੋੜਕਿਲ੍ਹਾ, ਬੀਬੀ ਪਰਮਜੀਤ ਕੌਰ ਭਦਰੱਕ, ਸ. ਗੁਰਦੇਵ ਸਿੰਘ ਕੱਟਕ ਸਮੇਤ ਹੋਰ ਸ਼ਖ਼ਸੀਅਤਾਂ ਭਰਵਾਂ ਸਹਿਯੋਗ ਦੇ ਰਹੀਆਂ ਹਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਟਾਟਾਨਗਰ ਜਮਸ਼ੇਦਪੁਰ ਵਿਖੇ ਗੁਰਮਤਿ ਸਮਾਗਮ

## ਪਹਿਲੇ ਪਾਤਸ਼ਾਹ ਜੀ ਨਾਲ ਸਬੰਧਤ ਅਸਥਾਨਾਂ ਵਿਖੇ ਇਸ ਸਾਲ ਕੀਤੇ ਜਾਣਗੇ ਵਿਸ਼ੇਸ਼ ਗੁਰਮਤਿ ਸਮਾਗਮ-ਭਾਈ ਲੌਂਗੋਵਾਲ



ਅੰਮ੍ਰਿਤਸਰ, 1 ਜਨਵਰੀ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਗੁਰਦੁਆਰਾ ਸਿੰਘ ਸਭਾ ਸਾਕਚੀ ਟਾਟਾਨਗਰ ਜਮਸ਼ੇਦਪੁਰ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਗੁਰੂ ਨਾਨਕ ਸੇਵਾ ਦਲ ਜਮਸ਼ੇਦਪੁਰ ਵੱਲੋਂ ਕਰਵਾਏ ਗਏ ਗੁਰਮਤਿ ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ਼ਮੂਲੀਅਤ ਕੀਤੀ ਅਤੇ ਸੰਗਤਾਂ ਨੂੰ ਪਹਿਲੇ ਪਾਤਸ਼ਾਹ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਕਰਵਾਏ ਜਾਣ ਵਾਲੇ ਵਿਸ਼ੇਸ਼ ਗੁਰਮਤਿ ਸਮਾਗਮਾਂ ਸਮੇਂ ਭਰਵੀਂ ਸ਼ਮੂਲੀਅਤ ਕਰਨ ਦੀ ਪ੍ਰੇਰਣਾ ਕੀਤੀ।

ਭਾਈ ਲੌਂਗੋਵਾਲ ਨੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਆਖਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਇਹ ਇਤਿਹਾਸਕ ਪੁਰਬ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨੂੰ ਪ੍ਰਚਾਰਨ ਲਈ ਇਕ ਸੁਨਹਿਰੀ ਮੌਕਾ ਹੈ ਅਤੇ ਸ਼੍ਰੋਮਣੀ ਕਮੇਟੀ ਇਸ ਨੂੰ ਸਮਰਪਿਤ ਜਿਥੇ ਪੰਜਾਬ ਅੰਦਰ ਧਰਮ ਪ੍ਰਚਾਰ ਲਈ ਕਾਰਜ ਕਰ ਰਹੀ ਹੈ, ਉਥੇ ਹੀ ਪੰਜਾਬ ਤੋਂ ਬਾਹਰਲੇ ਸੂਬਿਆਂ ਅੰਦਰ ਵੀ ਵਿਸ਼ੇਸ਼ ਸਮਾਗਮ ਆਯੋਜਿਤ ਕੀਤੇ ਜਾ ਰਹੇ ਹਨ।

ਭਾਈ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਪੰਜਾਬ ਤੋਂ ਬਾਹਰਲੇ ਪਾਵਨ ਅਸਥਾਨਾਂ ਵਿਖੇ ਇਸ ਸਾਲ ਦੌਰਾਨ ਗੁਰਮਤਿ ਸਮਾਗਮ ਕੀਤੇ ਜਾਣਗੇ, ਜਿਸ ਤਹਿਤ 19 ਅਤੇ 20 ਜਨਵਰੀ ਨੂੰ ਉੜੀਸਾ ਦੇ ਗੁਰਦੁਆਰਾ ਬਾਉਲੀ ਸਾਹਿਬ ਜਗਨਨਾਥ ਪੁਰੀ ਅਤੇ ਗੁਰਦੁਆਰਾ ਦਾਤਣ ਸਾਹਿਬ ਕੱਟਕ ਵਿਖੇ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ ਉਲੀਕੇ ਗਏ ਹਨ। ਉਨ੍ਹਾਂ ਕਿਹਾ ਕਿ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ ਵੱਖ ਥਾਵਾਂ 'ਤੇ ਗੁਰਮਤਿ ਸਮਾਗਮ ਨਿਰੰਤਰ ਆਯੋਜਤ ਕੀਤੇ ਜਾਣਗੇ ਤਾਂ ਜੋ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਵੱਧ ਤੋਂ ਵੱਧ ਸੰਗਤਾਂ ਤੱਕ ਪਹੁੰਚਾਇਆ ਜਾ ਸਕੇ। ਇਸ ਦੌਰਾਮ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਅਤੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਵੀ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ ਅਤੇ ਭਾਈ ਸਤਨਾਮ ਸਿੰਘ ਕੋਹਾੜਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਸਮਾਗਮ ਸਮੇਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਅਤੇ ਹੋਰਾਂ ਨੂੰ ਪ੍ਰਬੰਧਕਾਂ ਵੱਲੋਂ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਗੁਰਮੁਖ ਸਿੰਘ, ਭਾਈ ਭਗਵਾਨ ਸਿੰਘ, ਭਾਈ ਬਲਬੀਰ ਸਿੰਘ ਬੱਲੀ, ਗੁਰੂ ਨਾਨਕ ਸੇਵਾ ਦਲ ਦੇ ਮੁਖੀ ਸ. ਹਰਵਿੰਦਰ ਸਿੰਘ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸ. ਮਨਮੋਹਨ ਸਿੰਘ, ਸ. ਹਰਜੀਤ ਸਿੰਘ, ਸ. ਪਰਮਜੀਤ ਸਿੰਘ, ਸ. ਖ਼ੁਸ਼ਬੀਰ ਸਿੰਘ, ਸ. ਤਰਲੋਚਨ ਸਿੰਘ, ਸ. ਚਰਨਜੀਤ ਸਿੰਘ, ਸ. ਸੁਖਦੇਵ ਸਿੰਘ, ਸ. ਤਰਨਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।



**ਪੂਜਾ ਅਕਾਲ ਕੀ ਪਰਚਾ ਸ਼ਬਦ ਕਾ ਦੀਦਾਰ ਖ਼ਾਲਸੇ ਕਾ**